ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 4 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

ਅਕਾਲੀ-ਭਾਜਪਾ ਗਠਜੋੜ ’ਚ

ਅਕਾਲੀ ਦਲ ਦਾ ਹੋਵੇਗਾ ਮੁੱਖ ਮੰਤਰੀ ਚਿਹਰਾ



ਚੰਡੀਗੜ੍ਹ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਚੰਡੀਗੜ੍ਹ : ਲੰਬੇ ਸਮੇਂ ਤੋਂ ਅਕਾਲੀ ਦਲ-ਭਾਜਪਾ ਵਿਚਾਲੇ ਚੱਲ ਰਹੀਆਂ ਗਠਜੋੜ ਦੀਆਂ ਚਰਚਾਵਾਂ ਹੁਣ ਬਹੁਤ ਜਲਦੀ ਸੱਚ ਹੋਣ ਜਾ ਰਹੀਆਂ ਹਨ। ਪਤਾ ਲੱਗਾ ਹੈ ਕਿ ਅਕਾਲੀ ਦਲ-ਭਾਜਪਾ ਵਿਚਾਲੇ ਗਠਜੋੜ ਲਗਭਗ ਫਾਈਨਲ ਹੋ ਚੁੱਕਾ ਹੈ। ਫਿਲਹਾਲ ਸੀਟ ਸ਼ੇਅਰਿੰਗ ’ਤੇ ਗੱਲਬਾਤ ਚੱਲ ਰਹੀ ਹੈ, ਇਹ ਗੱਲਬਾਤ ਵੀ ਅੰਤਿਮ ਦੌਰ ਵਿਚ ਹੈ। ਸੂਤਰਾਂ ਮੁਤਾਬਕ ਭਾਜਪਾ ਲਗਭਗ 35 ਤੋਂ 40 ਸੀਟਾਂ ’ਤੇ ਚੋਣ ਲੜ ਸਕਦੀ ਹੈ। ਲਿਹਾਜ਼ਾ ਜ਼ਿਆਦਾ ਸੀਟਾਂ ਅਕਾਲੀ ਦਲ ਦੇ ਹਿੱਸੇ ਆਉਣਗੀਆਂ। ਸੂਤਰ ਇਹ ਵੀ ਦੱਸਦੇ ਹਨ ਕਿ ਜੇਕਰ ਗਠਜੋੜ ਦੀ ਸਰਕਾਰ ਬਣਦੀ ਹੈ ਤਾਂ ਮੁੱਖ ਮੰਤਰੀ ਅਕਾਲੀ ਦਲ ਦਾ ਹੋਵੇਗਾ। ਦੀਵਾਲੀ ਤੋਂ ਬਾਅਦ ਗਠਜੋੜ ਦਾ ਐਲਾਨ ਹੋ ਸਕਦਾ ਹੈ। ਇਸ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬਕਾਇਦਾ ਬਠਿੰਡਾ ਆਉਣਗੇ ਅਤੇ ਇਥੇ ਵੱਡੀ ਰੈਲੀ ਕੀਤੀ ਜਾਵੇਗੀ। ਇਸ ਰੈਲੀ ਵਿਚ ਅਕਾਲੀ ਦਲ ਤੇ ਭਾਜਪਾ ਇਕੋ ਮੰਚ ’ਤੇ ਆ ਸਕਦਾ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦਿੱਲੀ ਅਤੇ ਚੰਡੀਗੜ੍ਹ ਵਿਚ 2027 ਦੌਰਾਨ ਐੱਨ. ਡੀ. ਏ. ਦੀ ਸਰਕਾਰ ਬਣਨ ਦੀ ਗੱਲ ਕਹੀ ਸੀ ਜਿਸ ਤੋਂ ਬਾਅਦ ਗਠਜੋੜ ਤੈਅ ਮੰਨਿਆ ਜਾ ਰਿਹਾ ਹੈ। ਸੂਤਰ ਇਹ ਵੀ ਦੱਸਦੇ ਹਨ ਕਿ ਭਾਜਪਾ ਲਗਭਗ 35 ਤੋਂ 40 ਸੀਟਾਂ ਮੰਗ ਰਹੀ ਹੈ। ਲਿਹਾਜ਼ਾ 67 ਸੀਟਾਂ ਅਕਾਲੀ ਦਲ ਦੇ ਹਿੱਸੇ ਆਉਣਗੀਆਂ। ਅਕਾਲੀ ਦਲ ਅਤੇ ਭਾਜਪਾ ਵਿਚਾਲੇ 1997 ਤੋਂ 2020 ਤੱਕ ਚੱਲੇ ਗਠਜੋੜ ਵਿਚ ਭਾਜਪਾ ਨੂੰ 117 ਚੋਂ ਸਿਰਫ 23 ਸੀਟਾਂ ਮਿਲਦੀਆਂ ਸਨ ਅਤੇ 94 ਸੀਟਾਂ ’ਤੇ ਅਕਾਲੀ ਦਲ ਚੋਣ ਲੜਦਾ ਸੀ, ਪਰ ਇਸ ਵਾਰ ਸਮੀਕਰਣ ਬਦਲ ਸਕਦੇ ਹਨ। ਭਾਜਪਾ ਨਾਲ ਜੁੜੇ ਸੂਤਰਾਂ ਮੁਤਾਬਕ ਜੇ ਗਠਜੋੜ ਹੁੰਦਾ ਹੈ ਤਾਂ ਇਕ ਵਾਰ ਫਿਰ ਅਕਾਲੀ ਦਲ ਨੂੰ ਕੇਂਦਰ ਸਰਕਾਰ ਵਿਚ ਜਗ੍ਹਾ ਮਿਲ ਸਕਦੀ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸਾਂਸਦ ਪਤਨੀ ਹਰਸਿਮਰਤ ਕੌਰ ਬਾਦਲ ਫਿਰ ਕੇਂਦਰੀ ਮੰਤਰੀ ਮੰਡਲ ਵਿਚ ਸ਼ਾਮਲ ਹੋ ਸਕਦੇ ਹਨ। ਇਸ ਨਾਲ ਚੋਣਾਂ ਤੋਂ ਪਹਿਲਾਂ ਪੰਜਾਬ ਨੂੰ ਕੇਂਦਰ ਵਿਚ ਅਗਵਾਈ ਮਿਲੇਗੀ। ਕੇਂਦਰੀ ਰਾਜ ਮੰਤਰੀ ਰਵਨੀਤ ਬਿੱਟੂ ਦੇ ਕੇਂਦਰ ਵਿਚੋਂ ਹਟਣ ਤੋਂ ਬਾਅਦ ਹੁਣ ਕੇਂਦਰੀ ਮੰਤਰੀ ਮੰਡਲ ਵਿਚ ਪੰਜਾਬ ਦਾ ਕੋਈ ਚਿਹਰਾ ਨਹੀਂ ਹੈ।



ਦਲਜੀਤ ਸਿੰਘ ਦਾ ਪੀਜੀਆਈ ’ਚ ਹੋਵੇਗਾ ਪੋਸਟਮਾਰਟਮ, ਹਾਈ ਕੋਰਟ ਦੇ ਹੁਕਮ

ਚੰਡੀਗੜ੍ਹ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾਂ ਦੇ ਵਸਨੀਕ ਦਲਜੀਤ ਸਿੰਘ ਦੇ ਮਾਮਲੇ ਵਿਚ ਮਹੱਤਵਪੂਰਨ ਹੁਕਮ ਜਾਰੀ ਕੀਤੇ ਹਨ, ਜਿਸਦੀ ਸ਼ੱਕੀ ਹਾਲਾਤਾਂ ਵਿਚ ਮੌਤ ਹੋ ਗਈ ਸੀ। ਦਲਜੀਤ ਸਿੰਘ ਦਾ ਪੋਸਟਮਾਰਟਮ ਭਲਕੇ 4 ਨਵੰਬਰ ਨੂੰ ਪੀ. ਜੀ. ਆਈ. ਵਿਖੇ ਕੀਤਾ ਜਾਵੇਗਾ। ਮਾਮਲੇ ਦੀ ਸੁਣਵਾਈ ਕਰਦੇ ਹੋਏ ਅਦਾਲਤ ਨੇ ਨਿਰਦੇਸ਼ ਦਿੱਤੇ ਕਿ ਮ੍ਰਿਤਕ ਦਲਜੀਤ ਸਿੰਘ ਦੀ ਲਾਸ਼ ਦਾ ਪੋਸਟਮਾਰਟਮ ਪੀ.ਜੀ.ਆਈ. ਚੰਡੀਗੜ੍ਹ ਵਿਖੇ ਕੀਤਾ ਜਾਵੇ। ਇਸ ਤੋਂ ਬਾਅਦ ਅਦਾਲਤ ਦੇ ਹੁਕਮਾਂ ਮੁਤਾਬਕ 15 ਘੰਟਿਆਂ ’ਚ ਪੀ. ਜੀ. ਆਈ. ਨੂੰ ਦਲਜੀਤ ਦੀ ਲਾਸ਼ ਸੌਂਪਣੀ ਪਵੇਗੀ ਅਤੇ ਇਸ ਤੋਂ ਬਾਅਦ ਅਦਾਲਤ ਨੂੰ ਪੋਸਟਮਾਰਟਮ ਦੀ ਰਿਪੋਰਟ ਸੌਂਪੀ ਜਾਵੇਗੀ। ਫਿਰ ਸਸਕਾਰ ਚੰਡੀਗੜ੍ਹ ਦੇ ਸੈਕਟਰ 25 ਦੇ ਸ਼ਮਸ਼ਾਨਘਾਟ ਵਿਚ ਕੀਤਾ ਜਾਵੇਗਾ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਮ੍ਰਿਤਕ ਦੀ ਭੈਣ ਅਮਰਜੀਤ ਕੌਰ ਨੇ ਹਾਈ ਕੋਰਟ ਵਿਚ ਇਕ ਪਟੀਸ਼ਨ ਦਾਇਰ ਕੀਤੀ ਸੀ ਜਿਸ ਵਿਚ ਉਸਦੇ ਭਰਾ ਦੀ ਮੌਤ ਦੀ ਸੀ.ਬੀ.ਆਈ. ਜਾਂਚ, ਪੀ.ਜੀ.ਆਈ. ਵਿਚ ਨਿਰਪੱਖ ਪੋਸਟਮਾਰਟਮ ਅਤੇ ਪਰਿਵਾਰ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਮਾਨਸਾ ਜ਼ਿਲ੍ਹੇ ਦੇ ਪਿੰਡ ਭੰਮੇ ਕਲਾਂ ਦੇ ਨੌਜਵਾਨ ਦਲਜੀਤ ਸਿੰਘ ਦੀ ਮੌਤ ਤੋਂ ਬਾਅਦ ਮਾਮਲਾ ਲਗਾਤਾਰ ਚਰਚਾ ਵਿੱਚ ਬਣਿਆ ਹੋਇਆ ਹੈ। ਦਲਜੀਤ ਸਿੰਘ ਦੀ ਲਾਸ਼ ਨੂੰ ਮਾਨਸਾ ਲਿਜਾਣ ਮੌਕੇ ਪੁਲਿਸ ਅਤੇ ਪ੍ਰਦਰਸ਼ਨਕਾਰੀਆਂ ਵਿੱਚ ਟੱਕਰਾ ਹੋ ਗਿਆ ਸੀ।

ਪ੍ਰਮਾਣੂ ਹਮਲੇ ਦੌਰਾਨ ਕਿਵੇਂ ਬਚਿਆ ਜਾਵੇ ; ਈਰਾਨ ਨੇ ਵੀਡੀਓ ਜਾਰੀ ਕਰ ਦਿੱਤੇ ਵਿਸ਼ੇਸ਼ ਦਿਸ਼ਾ ਨਿਰਦੇਸ਼



ਤਹਿਰਾਨ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਈਰਾਨ ਦੇ ਸਰਕਾਰੀ ਟੈਲੀਵਿਜ਼ਨ ਨੇ ਦੇਸ਼ ਵਿੱਚ ਪ੍ਰਮਾਣੂ ਹਮਲਾ ਹੋਣ ਦੀ ਸਥਿਤੀ ਵਿੱਚ ਨਾਗਰਿਕਾਂ ਨੂੰ ਆਪਣਾ ਬਚਾਅ ਕਰਨ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਰੀ ਕਰਨੇ ਸ਼ੁਰੂ ਕਰ ਦਿੱਤੇ ਹਨ। ਈਰਾਨੀ ਟੀਵੀ ਦੁਆਰਾ ਆਰਟੀਫਿਸ਼ੀਅਲ ਇੰਟੈਲੀਜੈਂਸ (19) ਦੀ ਮਦਦ ਨਾਲ ਤਿਆਰ ਕੀਤੀ ਗਈ ਇੱਕ ਸਿਵਲ ਡਿਫੈਂਸ ਵੀਡੀਓ ਪ੍ਰਸਾਰਿਤ ਕੀਤੀ ਗਈ ਹੈ, ਜਿਸ ਵਿੱਚ ਆਮ ਲੋਕਾਂ ਨੂੰ ਪ੍ਰਮਾਣੂ ਧਮਾਕੇ ਦੀ ਤੇਜ਼ ਰੋਸ਼ਨੀ ਤੋਂ ਬਚਣ, ਇਮਾਰਤਾਂ ਅੰਦਰ ਪਨਾਹ ਲੈਣ ਅਤੇ ਰੇਡੀਓਐਕਟਿਵ ਕਣਾਂ ਤੋਂ ਮੁਕਤ ਹੋਣ ਦੇ ਤਰੀਕੇ ਸਮਝਾਏ ਗਏ ਹਨ।

ਨਾਗਰਿਕਾਂ ਨੂੰ ਹੇਠ ਲਿਖੀਆਂ ਸਾਵਧਾਨੀਆਂ ਵਰਤਣ ਦੀ ਹਦਾਇਤ

☛ ਧਮਾਕੇ ਦੀ ਰੋਸ਼ਨੀ ਤੋਂ ਬਚੋ: ਧਮਾਕੇ ਦੀ ਤੇਜ਼ ਚਮਕਦਾਰ ਰੋਸ਼ਨੀ ਵੱਲ ਸਿੱਧਾ ਨਾ ਦੇਖਣ, ਤੁਰੰਤ ਪਨਾਹ ਲੈਣ ਅਤੇ ਬਾਹਰੀ ਖਿੜਕੀਆਂ ਤੇ ਦੀਵਾਰਾਂ ਤੋਂ ਦੂਰ ਹੋਣ ਲਈ ਕਿਹਾ ਗਿਆ ਹੈ। ☛ ਘਰਾਂ ’ਚ ਪਨਾਹ ਅਤੇ ਵੈਂਟੀਲੇਸ਼ਨ ਬੰਦ: ਇਮਾਰਤਾਂ ਦੇ ਅੰਦਰ ਜਾ ਕੇ ਸਾਰੇ ਦਰਵਾਜ਼ੇ, ਖਿੜਕੀਆਂ ਅਤੇ ਵੈਂਟੀਲੇਸ਼ਨ ਸਿਸਟਮ ਮੁਕੰਮਲ ਬੰਦ ਕਰਨ ਦੇ ਨਿਰਦੇਸ਼। ☛ ਕੱਪੜੇ ਬਦਲ ਲੈਣਾ ਤੇ ਇਸ਼ਨਾਨ: ਘਰ ਵਿਚ ਦਾਖਲ ਹੁੰਦੇ ਹੀ ਆਪਣੇ ਕੱਪੜੇ ਉਤਾਰ ਕੇ ਉਨ੍ਹਾਂ ਨੂੰ ਪਲਾਸਟਿਕ ਦੇ ਲਿਫ਼ਾਫ਼ੇ ਵਿੱਚ ਬੰਦ ਕਰਨ ਅਤੇ ਕੋਸੇ ਪਾਣੀ ਤੇ ਸਾਬਣ ਨਾਲ ਚੰਗੀ ਤਰ੍ਹਾਂ ਨਹਾਉਣ ਦੀ ਸਲਾਹ। ☛ ਖਾਣ-ਪੀਣ ਦੀ ਸਾਵਧਾਨੀ: ਅਗਲੇ 24 ਘੰਟਿਆਂ ਲਈ ਸਿਰਫ਼ ਬੋਤਲਬੰਦ ਪਾਣੀ ਅਤੇ ਪੈਕ ਕੀਤਾ ਹੋਇਆ ਭੋਜਨ ਹੀ ਵਰਤੋਂ ।

ਇੰਡੀਗੋ ਉਡਾਣ ’ਤੇ ਵੱਡਾ ਹਾਦਸਾ ਟਲਿਆ, ਜਹਾਜ਼ ’ਚ ਹਫੜਾ-ਦਫੜੀ

ਯਾਤਰੀ ਨੇ ਐਮਰਜੈਂਸੀ ਗੇਟ ਨਾਲ ਕੀਤੀ ਛੇੜਛਾੜ



ਨਵੀਂ ਦਿੱਲੀ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਦਿੱਲੀ ਤੋਂ ਪੁਣੇ ਜਾ ਰਹੀ ਇੰਡੀਗੋ ਦੀ ਉਡਾਣ ਵਿੱਚ ਇੱਕ ਯਾਤਰੀ ਨੇ ਕਥਿਤ ਤੌਰ ’ਤੇ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਐਮਰਜੈਂਸੀ ਦਰਵਾਜ਼ੇ ਦੇ ਲੀਵਰ ਦਾ ਕਵਰ ਖੋਲ੍ਹਣ ਦੀ ਕੋਸ਼ਿਸ਼ ਕੀਤੀ, ਜਿਸ ਨਾਲ ਜਹਾਜ਼ ਵਿੱਚ ਅਲਾਰਮ ਵੱਜ ਗਿਆ। ਇਸਦੀ ਜਾਣਕਾਰੀ ਪੁਲਿਸ ਨੇ ਅੱਜ ਦਿੱਤੀ। ਇਸ ਘਟਨਾ ਤੋਂ ਬਾਅਦ ਇੰਡੀਗੋ ਦੇ ਇੱਕ ਚਾਲਕ ਦਲ ਦੇ ਮੈਂਬਰ ਨੇ ਯਾਤਰੀ ਵਿਰੁੱਧ ਪੁਲਿਸ ਸ਼ਿਕਾਇਤ ਦਰਜ ਕਰਵਾਈ । ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦੋਸ਼ੀ ਦੀ ਪਛਾਣ ਗੌਰਵ ਸਤੇਂਦਰ ਰੌਤੇਲਾ (33) ਵਜੋਂ ਹੋਈ ਹੈ, ਜੋ ਕਿ ਪੁਣੇ ਜ਼ਿਲ੍ਹੇ ਦੇ ਸਾਸਵੜ ਦਾ ਰਹਿਣ ਵਾਲਾ ਹੈ। ਉਹ ਇੰਡੀਗੋ ਦੀ ਉਡਾਣ ਨੰਬਰ 656884 ’ਤੇ ਯਾਤਰਾ ਕਰ ਰਿਹਾ ਸੀ ਅਤੇ ਐਮਰਜੈਂਸੀ ਐਗਜ਼ਿਟ ਦੇ ਨਾਲ ਵਾਲੀ ਸੀਟ 194 ’ਤੇ ਬੈਠਾ ਸੀ। ਹਵਾਈ ਅੱਡਾ ਪੁਲਿਸ ਸਟੇਸ਼ਨ ਦੇ ਸੀਨੀਅਰ ਪੁਲਿਸ ਇੰਸਪੈਕਟਰ ਗੋਵਿੰਦ ਪਵਾਰ ਨੇ ਦੱਸਿਆ ਕਿ ਸ਼ੁਰੂਆਤੀ ਪੁੱਛਗਿੱਛ ਦੌਰਾਨ ਯਾਤਰੀ ਨੇ ਦਾਅਵਾ ਕੀਤਾ ਕਿ ਉਸਨੇ ਉਤਸੁਕਤਾ ਦੇ ਕਾਰਨ ਲੀਵਰ ਕਵਰ ਖੋਲ੍ਹਣ ਦੀ ਕੋਸ਼ਿਸ਼ ਕੀਤੀ ਸੀ, ਅਤੇ ਉਸਨੂੰ ਨਹੀਂ ਪਤਾ ਸੀ ਕਿ ਇਹ ਐਮਰਜੈਂਸੀ ਦਰਵਾਜ਼ੇ ਨਾਲ ਜੁੜਿਆ ਹੋਇਆ ਹੈ। ਜਿਵੇਂ ਹੀ ਉਸਨੇ ਕਵਰ ਨੂੰ ਛੂਹਿਆ, ਜਹਾਜ਼ ਦੇ ਅੰਦਰ ਇੱਕ ਅਲਾਰਮ ਵੱਜਿਆ, ਜਿਸ ਨਾਲ ਚਾਲਕ ਦਲ ਨੂੰ ਸੁਚੇਤ ਕੀਤਾ ਗਿਆ। ਪਵਾਰ ਨੇ ਕਿਹਾ ਕਿ ਐਮਰਜੈਂਸੀ ਦਰਵਾਜ਼ੇ ਦੇ ਤੰਤਰ ਨਾਲ ਛੇੜਛਾੜ ਕਰਨ ਨਾਲ ਜਹਾਜ਼ ਵਿੱਚ ਸਵਾਰ ਹੋਰ ਯਾਤਰੀਆਂ ਦੀ ਜਾਨ ਅਤੇ ਸੁਰੱਖਿਆ ਨੂੰ ਖ਼ਤਰਾ ਹੋ ਸਕਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਅਲਾਰਮ ਸਿਸਟਮ ਜਹਾਜ਼ ਦੇ ਸੁਰੱਖਿਆ ਪ੍ਰੋਟੋਕੋਲ ਦਾ ਹਿੱਸਾ ਹੈ ਅਤੇ ਅਜਿਹੀਆਂ ਸਥਿਤੀਆਂ ਵਿੱਚ ਚਾਲਕ ਦਲ ਨੂੰ ਸੁਚੇਤ ਕਰਨ ਲਈ ਤਿਆਰ ਕੀਤਾ ਗਿਆ ਹੈ। ਇਹ ਘਟਨਾ ਸੋਮਵਾਰ ਨੂੰ ਦੁਪਹਿਰ 12:45 ਵਜੇ ਦੇ ਕਰੀਬ ਵਾਪਰੀ, ਜਦੋਂ ਫਲਾਈਟ ਨੇ ਦਿੱਲੀ ਤੋਂ ਉਡਾਣ ਭਰੀ ਸੀ। ਜਹਾਜ਼ ਪੁਣੇ ਵਿੱਚ ਲਗਭਗ 2 ਵਜੇ ਉਤਰਿਆ। ਇਸ ਘਟਨਾ ਤੋਂ ਬਾਅਦ ਇੰਡੀਗੋ ਦੇ ਚਾਲਕ ਦਲ ਦੇ ਮੈਂਬਰ ਓਮਕਾਰ ਵਿਨੋਦ ਕੁਲਕਰਨੀ ਨੇ ਯਾਤਰੀ ਵਿਰੁੱਧ ਸ਼ਿਕਾਇਤ ਦਰਜ ਕਰਵਾਈ। ਪਵਾਰ ਨੇ ਇਹ ਵੀ ਦੱਸਿਆ ਕਿ 2024 ਵਿੱਚ ਵੀ ਅਜਿਹੀ ਹੀ ਇੱਕ ਘਟਨਾ ਵਾਪਰੀ ਸੀ, ਜਿਸ ਤੋਂ ਬਾਅਦ ਪੁਲਿਸ ਨੇ ਕੇਸ ਦਰਜ ਕੀਤਾ ਸੀ। ਪੁਲਿਸ ਨੇ ਰੌਤੇਲਾ ਨੂੰ ਭਾਰਤੀ ਸਿਵਲ ਸੇਵਾਵਾਂ ਕੋਡ ਦੀ ਧਾਰਾ 35(3) ਦੇ ਤਹਿਤ ਨੋਟਿਸ ਜਾਰੀ ਕੀਤਾ ਹੈ। ਉਸ ਵਿਰੁੱਧ ਭਾਰਤੀ ਦੰਡ ਕੋਡ ਦੀ ਧਾਰਾ 125 ਅਤੇ ਏਅਰਕ੍ਰਾਫਟ ਐਕਟ ਦੀ ਧਾਰਾ 25 ਦੇ ਤਹਿਤ ਵੀ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ’ਚ ਅੱਗੇ ਹੋਰ ਜਾਂਚ ਜਾਰੀ ਹੈ।

ਜਗਤਾਰ ਹਵਾਰਾ ਨੂੰ ਪੰਜਾਬ ’ਚ ਤਬਦੀਲ ਕਰਨ ਦਾ ਵਿਰੋਧ; ਆਈ. ਬੀ. ਨੇ ਸੁਪਰੀਮ ਕੋਰਟ ’ਚ ਵਿਧਾਨ ਸਭਾ ਚੋਣਾਂ ’ਤੇ ਅਸਰ ਦੀ ਦਿੱਤੀ ਦਲੀਲ



ਨਵੀਂ ਦਿੱਲੀ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਇੰਟੈਲੀਜੈਂਸ ਬਿਊਰੋ (ਆਈ. ਬੀ.) ਨੇ ਮੰਗਲਵਾਰ ਨੂੰ ਸੁਪਰੀਮ ਕੋਰਟ ਨੂੰ ਦੱਸਿਆ ਕਿ ਬੇਅੰਤ ਸਿੰਘ ਕਤਲ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਭਾਈ ਜਗਤਾਰ ਸਿੰਘ ਹਵਾਰਾ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਤੋਂ ਪੰਜਾਬ ਦੀ ਕਿਸੇ ਵੀ ਜੇਲ੍ਹ ਵਿੱਚ ਤਬਦੀਲ ਕਰਨ ਦਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ’ਤੇ ਵੱਡਾ ਅਸਰ ਪੈ ਸਕਦਾ ਹੈ। ਆਈਬੀ ਨੇ ਸਿਖਰਲੀ ਅਦਾਲਤ ਨੂੰ ਇਹ ਵੀ ਦੱਸਿਆ ਕਿ ਭਾਈ ਜਗਤਾਰ ਸਿੰਘ ਹਵਾਰਾ ਉੱਚ-ਜੋਖਮ ਵਾਲੀ ਸ਼੍ਰੇਣੀ ਵਿੱਚ ਆਉਂਦਾ ਹੈ ਅਤੇ ਉਸਨੂੰ ਪੰਜਾਬ ਤਬਦੀਲ ਨਹੀਂ ਕੀਤਾ ਜਾ ਸਕਦਾ। ਜਸਟਿਸ ਐਮਐਮ ਸੁੰਦਰੇਸ਼ ਅਤੇ ਪੀਬੀ ਵਰਾਲੇ ਦੇ ਬੈਂਚ ਨੇ ਏਜੰਸੀ ਦੀ ਰਿਪੋਰਟ ਨੂੰ “ਨਿੰਦਕ” ਦੱਸਿਆ। ਅਦਾਲਤ ਦੇ ਨਿਰੀਖਣ ਤੋਂ ਬਾਅਦ, ਭਾਈ ਜਗਤਾਰ ਸਿੰਘ ਹਵਾਰਾ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਐਸ ਮੁਰਲੀਧਰ ਨੇ ਕਿਹਾ, “ਜੇਕਰ ਚੋਣਾਂ ਚਿੰਤਾ ਦਾ ਵਿਸ਼ਾ ਹਨ, ਤਾਂ ਇਸ ’ਤੇ ਤਿੰਨ ਮਹੀਨਿਆਂ ਬਾਅਦ ਸੁਣਵਾਈ ਕੀਤੀ ਜਾ ਸਕਦੀ ਹੈ।” ਸੁਪਰੀਮ ਕੋਰਟ ਨੇ ਬਾਅਦ ਵਿੱਚ ਮਾਮਲੇ ਨੂੰ ਅਗਲੇ ਸਾਲ ਫਰਵਰੀ ਵਿੱਚ ਸੁਣਵਾਈ ਲਈ ਮੁਲਤਵੀ ਕਰ ਦਿੱਤਾ। ਦੱਸ ਦਈਏ ਕਿ 117 ਮੈਂਬਰੀ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਅਗਲੇ ਸਾਲ ਦੇ ਸ਼ੁਰੂ ਵਿੱਚ ਹੋਣੀਆਂ ਹਨ। ਅਦਾਲਤ ਨੇ ਪਹਿਲਾਂ ਦਿੱਲੀ ਸਰਕਾਰ ਨੂੰ ਭਾਈ ਜਗਤਾਰ ਸਿੰਘ ਹਵਾਰਾ ਦੀ ਪੰਜਾਬ ਜੇਲ੍ਹ ਵਿੱਚ ਤਬਦੀਲ ਕਰਨ ਦੀ ਪਟੀਸ਼ਨ ’ਤੇ ਆਈਬੀ ਇਨਪੁਟ ਮੰਗਣ ਲਈ ਕਿਹਾ ਸੀ। ਦਿੱਲੀ ਸਰਕਾਰ ਦੀ ਨੁਮਾਇੰਦਗੀ ਕਰ ਰਹੀ ਵਧੀਕ ਸੌਲੀਸਿਟਰ ਜਨਰਲ ਐਸ਼ਵਰਿਆ ਭਾਟੀ ਨੇ ਚੇਤਾਵਨੀ ਦਿੱਤੀ ਕਿ ਹਵਾਰਾ ਨੂੰ ਤਬਦੀਲ ਕਰਨ ਨਾਲ ਉਸਦੇ ਭੱਜਣ ਦੀ ਸੰਭਾਵਨਾ ਵੱਧ ਸਕਦੀ ਹੈ, ਗ੍ਰਹਿ ਮੰਤਰਾਲੇ ਦੀ ਉੱਚ-ਜੋਖਮ ਵਾਲੇ ਕੈਦੀਆਂ ਬਾਰੇ ਸਲਾਹ ਦਾ ਹਵਾਲਾ ਦਿੰਦੇ ਹੋਏ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਇੱਕ ਹਲਫ਼ਨਾਮੇ ਨੂੰ ਵੀ ਉਜਾਗਰ ਕੀਤਾ ਜਿਸ ਵਿੱਚ ਚੇਤਾਵਨੀ ਦਿੱਤੀ ਗਈ ਸੀ ਕਿ ਇਸ ਤਬਾਦਲੇ ਨਾਲ ਰਾਜ ਵਿੱਚ ਕਾਨੂੰਨ ਵਿਵਸਥਾ ਦੇ ਮੁੱਦੇ ਪੈਦਾ ਹੋ ਸਕਦੇ ਹਨ।

ਰਾਜੋਆਣਾ ਕਲਾਂ ਦੇ ਗੁ: ਮੰਜੀ ਸਾਹਿਬ ’ਤੇ ਗੋਲੀਆਂ ਚਲਾਉਣ ਵਾਲੇ ਸ਼ੂਟਰ ਦੀ ਪੁਲਿਸ ਹਿਰਾਸਤ ’ਚ ਮੌਤ



ਜਗਰਾਓਂ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਜਗਰਾਓਂ ਨੇੜਲੇ ਗੁਰਦੁਆਰਾ ਮੰਜੀ ਸਾਹਿਬ ਰਾਜੋਆਣਾ ਕਲਾਂ ਵਿਖੇ ਹੋਈ ਗੋਲੀਬਾਰੀ ਦੇ ਮਾਮਲੇ ’ਚ ਮੁਲਜ਼ਮ ਦੀ ਗ੍ਰਿਫਤਾਰੀ ਤੋਂ ਇੱਕ ਦਿਨ ਬਾਅਦ ਹੀ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ, ਰਾਜ ਕੁਮਾਰ ਉਰਫ਼ ਰਾਜੂ ਦੀ ਪੁਲਿਸ ਹਿਰਾਸਤ ਵਿੱਚ ਮੌਤ ਹੋ ਹੈ। ਦੱਸ ਦਈਏ ਕਿ ਗੁਰੂਘਰ ਦੇ ਅੰਦਰ ਗੋਲੀਆਂ ਚਲਾਉਣ ਵਾਲੇ ਮੁੱਖ ਸ਼ੂਟਰ ਨੂੰ ਲੁਧਿਆਣਾ ਦਿਹਾਤੀ ਪੁਲਿਸ ਨੇ ਬੀਤੇ ਦਿਨ ਗ੍ਰਿਫ਼ਤਾਰ ਕੀਤਾ ਸੀ। ਪੁਲਿਸ ਦੀ ਮੁੱਢਲੀ ਜਾਂਚ ਵਿੱਚ ਮੁੱਖ ਸੇਵਾਦਾਰ ਨੂੰ ਬਲੈਕਮੇਲ ਕਰਨ ਦੇ ਮਕਸਦ ਨਾਲ ਫਾਇਰਿੰਗ ਕਰਵਾਉਣ ਦੀ ਗੱਲ ਸਾਹਮਣੇ ਵੀ ਆਈ ਸੀ। ਜਾਣਕਾਰੀ ਅਨੁਸਾਰ, ਫਿਰੋਜ਼ਪੁਰ ਦੇ ਪਿੰਡ ਨੂਰਪੁਰ ਮਾਛੀਵਾੜਾ ਦਾ ਰਹਿਣ ਵਾਲਾ ਰਾਜੂ ਲੁਧਿਆਣਾ ਦਿਹਾਤੀ ਪੁਲਿਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਸੋਮਵਾਰ ਰਾਤ ਉਸ ਦੀ ਸਿਹਤ ਵਿਗੜਨ ਤੋਂ ਬਾਅਦ ਉਸ ਨੂੰ ਪਹਿਲਾਂ ਸੁਧਾਰ ਦੇ ਸਰਕਾਰੀ ਅਤੇ ਨਿੱਜੀ ਹਸਪਤਾਲ ਲਿਜਾਇਆ ਗਿਆ। ਹਾਲਤ ਗੰਭੀਰ ਹੋਣ ’ਤੇ ਉਸ ਨੂੰ ਲੁਧਿਆਣਾ ਦੇ ਗਲੋਬਲ ਹਾਰਟ ਹਸਪਤਾਲ ਰੈਫ਼ਰ ਕੀਤਾ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਪੁਲਿਸ ਸੂਤਰਾਂ, ਅਨੁਸਾਰ ਮੁਲਜ਼ਮ ਕੁੱਝ ਤੋਂ ਗੁਰਦਿਆਂ ਦੀ ਬਿਮਾਰੀ ਤੋਂ ਨਾਲ ਜੂਝ ਰਿਹਾ ਸੀ। ਫਿਲਹਾਲ, ਪੁਲਿਸ ਅਧਿਕਾਰੀਆਂ ਵੱਲੋਂ ਮਾਮਲੇ ਬਾਰੇ ਜ਼ਿਆਦਾ ਜਾਣਕਾਰੀ ’ਤੇ ਚੁੱਪੀ ਧਾਰੀ ਹੋਈ ਹੈ। ਪਤਾ ਲੱਗਾ ਹੈ ਕਿ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਅਤੇ ਮੈਜਿਸਟਰੇਟ ਦੀ ਮੌਜੂਦਗੀ ਵਿੱਚ ਵੀਡੀਓਗ੍ਰਾਫ਼ੀ ਦੌਰਾਨ ਮ੍ਰਿਤਕ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ। ਦੱਸ ਦਈਏ ਕਿ 28 ਅਕਤੂਬਰ 2026 ਨੂੰ ਤੜਕਸਾਰ ਕਰੀਬ 3 ਵੱਜ ਕੇ 10 ਮਿੰਟ ’ਤੇ ਦੋ ਨਕਾਬਪੋਸ਼ ਵਿਅਕਤੀ ਮੋਟਰਸਾਈਕਲ ’ਤੇ ਸਵਾਰ ਹੋ ਕੇ ਗੁਰਦੁਆਰਾ ਮੰਜੀ ਸਾਹਿਬ ਰਾਜੋਆਣਾ ਕਲਾਂ ਵਿਖੇ ਪਹੁੰਚੇ ਸਨ। ਦੋਵੇਂ ਮੁਲਜ਼ਮ ਗੁਰਦੁਆਰਾ ਸਾਹਿਬ ਦੇ ਅੰਦਰ ਦਾਖ਼ਲ ਹੋਏ ਅਤੇ ਫਾਇਰਿੰਗ ਕਰਨ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਏ ਸਨ। ਘਟਨਾ ਤੋਂ ਬਾਅਦ ਪੁਲਿਸ ਵੱਲੋਂ ਥਾਣਾ ਸੁਧਾਰ ਵਿਖੇ ਮੁਕੱਦਮਾ ਨੰਬਰ 165, ਮਿਤੀ 28-10-2026, ਧਾਰਾ 109 ਬੀ.ਐੱਨ.ਐੱਸ. ਅਤੇ ਅਸਲਾ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ।

ਜਥੇਦਾਰ ਕੁਲਦੀਪ ਸਿੰਘ ਗੜਗੱਜ ਦੇ ਸਾਹਮਣੇ ਪੜ੍ਹਿਆ ਗਿਆ

ਬੁੜੈਲ ਜੇਲ੍ਹ ਤੋਂ ਆਇਆ ਭਾਈ ਜਗਤਾਰ ਸਿੰਘ ਤਾਰਾ ਦਾ ਸੁਨੇਹਾ

☛ ਸਿੱਖ ਨੌਜਵਾਨਾਂ ਦੇ ਆਦਰਸ਼ ਸੁਖਬੀਰ ਸਿੰਘ ਬਾਦਲ ਵਰਗੇ ਨਹੀਂ, ਸਗੋਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੋਣੇ ਚਾਹੀਦੇ ਹਨ ☛ ਭਾਈ ਅੰਮ੍ਰਿਤਪਾਲ ਸਿੰਘ ਦੇ ਸੰਘਰਸ਼ ਦੀ ਸ਼ਲਾਘਾ; ਸਿੱਖ ਕੌਮ ਨੂੰ ਗੁਰੂ ਦੇ ਨਿਸ਼ਾਨ ਸਾਹਿਬ ਹੇਠ ਇਕਜੁੱਟ ਹੋਣ ਦੀ ਅਪੀਲ





ਲੰਡਨ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)- ਮਹਾਰਾਜਾ ਰਣਜੀਤ ਸਿੰਘ ਦੇ ਸਭ ਤੋਂ ਛੋਟੇ ਸਾਹਿਬਜ਼ਾਦੇ ਮਹਾਰਾਜਾ ਦਲੀਪ ਸਿੰਘ ਦੀ ਬਰਸੀ ਮੌਕੇ ਲੰਡਨ ਵਿਖੇ ਨੌਜਵਾਨਾਂ ਵੱਲੋਂ ਕਰਵਾਏ ਗਏ ਯਾਦਗਾਰੀ ਸਮਾਗਮ ਦੌਰਾਨ ਬੁੜੈਲ ਜੇਲ੍ਹ ਚੰਡੀਗੜ੍ਹ ਤੋਂ ਭਾਈ ਜਗਤਾਰ ਸਿੰਘ ਤਾਰਾ ਵੱਲੋਂ ਭੇਜਿਆ ਗਿਆ ਵਿਸ਼ੇਸ਼ ਸੁਨੇਹਾ ਪੜ੍ਹ ਕੇ ਸੁਣਾਇਆ ਗਿਆ। ਇਹ ਸੁਨੇਹਾ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਹਾਜ਼ਰੀ ਵਿੱਚ ਸੰਗਤਾਂ ਨਾਲ ਸਾਂਝਾ ਕੀਤਾ ਗਿਆ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਪਣੇ ਸੁਨੇਹੇ ਦੀ ਸ਼ੁਰੂਆਤ ਵਿੱਚ ਭਾਈ ਜਗਤਾਰ ਸਿੰਘ ਤਾਰਾ ਨੇ ਸਮੂਹ ਸਿੱਖ ਸੰਗਤਾਂ ਨੂੰ ਵਾਹਿਗੁਰੂ ਜੀ ਕਾ ਖ਼ਾਲਸਾ, ਵਾਹਿਗੁਰੂ ਜੀ ਕੀ ਫ਼ਤਹਿ ਬੁਲਾਉਂਦਿਆਂ ਕਿਹਾ ਕਿ ਅੱਜ ਦਾ ਦਿਹਾੜਾ ਸਿੱਖ ਇਤਿਹਾਸ ਦੇ ਉਸ ਵੇਦਨਾਭਰੇ ਪੰਨੇ ਦੀ ਯਾਦ ਦਿਵਾਉਂਦਾ ਹੈ, ਜਦੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਜੀ ਦੇ ਸਭ ਤੋਂ ਛੋਟੇ ਸਾਹਿਬਜ਼ਾਦੇ ਮਹਾਰਾਜਾ ਦਲੀਪ ਸਿੰਘ ਜੀ ਸਰੀਰਕ ਤੌਰ 'ਤੇ ਸਾਡੇ ਤੋਂ ਵਿਛੜ ਕੇ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ।

ਉਨ੍ਹਾਂ ਕਿਹਾ ਕਿ ਮਹਾਰਾਜਾ ਦਲੀਪ ਸਿੰਘ ਆਖ਼ਰੀ ਸਾਹਾਂ ਤੱਕ ਆਪਣੇ ਵਤਨ ਅਤੇ ਆਪਣੀ ਆਜ਼ਾਦੀ ਲਈ ਤੜਪਦੇ ਰਹੇ। ਉਨ੍ਹਾਂ ਦਾ ਜੀਵਨ ਸਾਨੂੰ ਇਹ ਸੁਨੇਹਾ ਦਿੰਦਾ ਹੈ ਕਿ ਰਾਜਭਾਗ, ਪ੍ਰਭੂਸੱਤਾ ਅਤੇ ਆਪਣੀ ਅਣਖ ਤੇ ਸਵੈਮਾਣ ਤੋਂ ਬਿਨਾਂ ਕੌਮਾਂ ਦਾ ਵਜੂਦ ਖ਼ਤਰੇ ਵਿੱਚ ਪੈ ਜਾਂਦਾ ਹੈ।

ਭਾਈ ਤਾਰਾ ਨੇ ਲੰਡਨ ਵਿਖੇ ਨੌਜਵਾਨਾਂ ਵੱਲੋਂ ਕਰਵਾਏ ਗਏ ਇਸ ਯਾਦਗਾਰੀ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਿਦੇਸ਼ਾਂ ਦੀ ਧਰਤੀ ਉੱਤੇ ਬੈਠ ਕੇ ਆਪਣੇ ਮਹਾਨ ਵਿਰਸੇ, ਸ਼ਹੀਦਾਂ ਅਤੇ ਰਾਜਿਆਂ ਦੇ ਇਤਿਹਾਸ ਨੂੰ ਸੰਭਾਲਣਾ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨਾ ਬਹੁਤ ਵੱਡੀ ਸੇਵਾ ਹੈ। ਉਨ੍ਹਾਂ ਇਸ ਉਪਰਾਲੇ ਲਈ ਨੌਜਵਾਨਾਂ ਨੂੰ ਕੋਟਿ-ਕੋਟਿ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਪੰਥਕ ਸੋਚ ਦੀ ਸ਼ਲਾਘਾ ਕੀਤੀ।

ਉਨ੍ਹਾਂ ਕਿਹਾ ਕਿ ਜਿਸ ਇੰਗਲੈਂਡ ਦੀ ਧਰਤੀ ਉੱਤੇ ਕਦੇ ਸਾਮਰਾਜੀ ਤਾਕਤਾਂ ਨੇ ਮਹਾਰਾਜਾ ਦਲੀਪ ਸਿੰਘ ਨੂੰ ਗ਼ੁਲਾਮ ਬਣਾਉਣ ਦੀਆਂ ਸਾਜ਼ਿਸ਼ਾਂ ਰਚੀਆਂ ਸਨ, ਉਸੇ ਧਰਤੀ ਉੱਤੇ ਅੱਜ ਸਿੱਖ ਨੌਜਵਾਨਾਂ ਵੱਲੋਂ ਮਹਾਰਾਜਾ ਸਾਹਿਬ ਦੀ ਬਰਸੀ ਮਨਾਉਣਾ ਅਤੇ ਸਿੱਖ ਇਤਿਹਾਸ ਤੇ ਸਿਧਾਂਤਾਂ ਦੀ ਗੱਲ ਕਰਨਾ ਵਿਰੋਧੀਆਂ ਦੇ ਮੂੰਹ 'ਤੇ ਕਰਾਰੀ ਚਪੇੜ ਹੈ।

ਸਿੱਖ ਨੌਜਵਾਨਾਂ ਦੇ ਆਦਰਸ਼ ਸਿਆਸੀ ਆਗੂ ਨਹੀਂ, ਸਗੋਂ ਗੁਰੂ ਸਾਹਿਬ ਹੋਣੇ ਚਾਹੀਦੇ ਹਨ

ਮੌਜੂਦਾ ਸਿੱਖ ਸੰਘਰਸ਼ ਦਾ ਜ਼ਿਕਰ ਕਰਦਿਆਂ ਭਾਈ ਤਾਰਾ ਨੇ ਕਿਹਾ ਕਿ ਅੱਜ ਵੀ ਸਿੱਖ ਕੌਮ ਆਪਣੀ ਪ੍ਰਭੂਸੱਤਾ, ਅਣਖ ਅਤੇ ਸਵੈਮਾਣ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਹਿੰਦੁਸਤਾਨ ਦੀ ਹਕੂਮਤ ਅਜਿਹੀਆਂ ਨੀਤੀਆਂ ਅਪਣਾ ਰਹੀ ਹੈ, ਜਿਨ੍ਹਾਂ ਰਾਹੀਂ ਸਿੱਖ ਨੌਜਵਾਨੀ ਨੂੰ ਨਸ਼ਿਆਂ ਵਿੱਚ ਡੋਬਿਆ ਜਾ ਰਿਹਾ ਹੈ, ਪੰਜਾਬ ਦੇ ਜਲ ਸਰੋਤਾਂ ਅਤੇ ਜ਼ਮੀਨਾਂ ਦੀ ਲੁੱਟ ਹੋ ਰਹੀ ਹੈ ਅਤੇ ਸਿੱਖ ਸਿਧਾਂਤਾਂ ਨੂੰ ਢਾਹ ਲਾਈ ਜਾ ਰਹੀ ਹੈ।



ਸਿੱਖ ਨੌਜਵਾਨਾਂ ਨੂੰ ਵਿਸ਼ੇਸ਼ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਪ੍ਰੋਗਰਾਮ ਦੌਰਾਨ ਸੁਖਬੀਰ ਸਿੰਘ ਬਾਦਲ ਵਰਗੇ ਸਿਆਸੀ ਆਗੂਆਂ ਦੀ ਤਰ੍ਹਾਂ ਬਣਨ ਦੀਆਂ ਦਿੱਤੀਆਂ ਗਈਆਂ ਸਲਾਹਾਂ ਬਿਲਕੁਲ ਗ਼ਲਤ ਹਨ। ਸਿੱਖ ਨੌਜਵਾਨਾਂ ਦੇ ਆਦਰਸ਼ ਕਿਸੇ ਸਿਆਸੀ ਪਾਰਟੀ ਦੇ ਪ੍ਰਧਾਨ, ਕੁਰਸੀ ਦੇ ਭੁੱਖੇ ਆਗੂ ਜਾਂ ਦੁਨਿਆਵੀ ਚੌਧਰੀ ਨਹੀਂ ਹੋ ਸਕਦੇ। ਸਿੱਖ ਨੌਜਵਾਨਾਂ ਨੂੰ ਕੇਵਲ ਤੇ ਕੇਵਲ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਨੌਜਵਾਨ ਗੁਰੂ ਸਾਹਿਬ ਵੱਲੋਂ ਬਖ਼ਸ਼ੀ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ, ਖੰਡੇ ਬਾਟੇ ਦੀ ਅੰਮ੍ਰਿਤ ਪਾਹੁਲ ਛਕ ਕੇ ਤਿਆਰ-ਬਰ-ਤਿਆਰ ਖ਼ਾਲਸਾ ਸਜਣ। ਸਾਡਾ ਰਹਿਬਰ, ਆਦਰਸ਼ ਅਤੇ ਮਾਰਗਦਰਸ਼ਕ ਸਿਰਫ਼ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਹਨ। ਉਨ੍ਹਾਂ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਧੜਿਆਂ ਅਤੇ ਸਿਆਸੀ ਪਾਰਟੀਆਂ ਦੀ ਗੁਲਾਮੀ ਛੱਡ ਕੇ ਗੁਰੂ ਦੇ ਨਿਸ਼ਾਨ ਸਾਹਿਬ ਹੇਠ ਇਕੱਠੇ ਹੋਇਆ ਜਾਵੇ।

ਭਾਈ ਅੰਮ੍ਰਿਤਪਾਲ ਸਿੰਘ ਦੇ ਸੰਘਰਸ਼ ਦੀ ਕੀਤੀ ਸ਼ਲਾਘਾ

ਭਾਈ ਤਾਰਾ ਨੇ ਕਿਹਾ ਕਿ ਸਿੱਖ ਨੌਜਵਾਨਾਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ, ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਅਤੇ ਅੰਮ੍ਰਿਤਧਾਰੀ ਬਣਾਉਣ ਲਈ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਕੀਤੇ ਜਾ ਰਹੇ ਕਾਰਜ ਅਤੇ ਸੰਘਰਸ਼ ਸ਼ਲਾਘਾਯੋਗ ਹਨ।

ਉਨ੍ਹਾਂ ਦੋਸ਼ ਲਾਇਆ ਕਿ ਸਰਕਾਰਾਂ ਐਨ.ਐਸ.ਏ. ਵਰਗੇ ਕਾਨੂੰਨਾਂ ਅਤੇ ਹੋਰ ਸਰਕਾਰੀ ਕਾਰਵਾਈਆਂ ਰਾਹੀਂ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾਂ ਸਮੁੱਚੀ ਸਿੱਖ ਕੌਮ ਨੂੰ ਅਪੀਲ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਨਾਲ ਚੜ੍ਹਦੀ ਕਲਾ ਵਿੱਚ ਖੜ੍ਹ ਕੇ ਹਕੂਮਤੀ ਜਬਰ ਵਿਰੁੱਧ ਇਕਜੁੱਟ ਆਵਾਜ਼ ਬੁਲੰਦ ਕੀਤੀ ਜਾਵੇ।

ਖਾਲਿਸਤਾਨ ਨੂੰ ਸਿੱਖਾਂ ਦੀ ਪ੍ਰਭੂਸੱਤਾ ਦਾ ਸਥਾਈ ਹੱਲ ਦੱਸਿਆ

ਆਪਣੇ ਸੰਦੇਸ਼ ਵਿੱਚ ਭਾਈ ਤਾਰਾ ਨੇ ਕਿਹਾ ਕਿ ਸਿੱਖਾਂ ਦੀ ਹੋਂਦ, ਅਣਖ, ਧਰਮ ਅਤੇ ਭਵਿੱਖ ਦੀ ਸੁਰੱਖਿਆ ਲਈ ਉਨ੍ਹਾਂ ਅਨੁਸਾਰ ਆਜ਼ਾਦ ਸਿੱਖ ਹੋਮਲੈਂਡ ਖ਼ਾਲਿਸਤਾਨ ਹੀ ਸਥਾਈ ਹੱਲ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੀਆਂ ਪ੍ਰਮੁੱਖ ਪ੍ਰਬੰਧਕ ਸੰਸਥਾਵਾਂ ਉੱਤੇ ਸਰਕਾਰੀ ਦਖ਼ਲਅੰਦਾਜ਼ੀ ਅਤੇ ਕਬਜ਼ੇ ਖ਼ਤਮ ਹੋਣੇ ਚਾਹੀਦੇ ਹਨ।

ਉਨ੍ਹਾਂ ਦੋਸ਼ ਲਾਇਆ ਕਿ ਕਮੇਟੀਆਂ ਨੂੰ ਪਰਿਵਾਰਾਂ ਅਤੇ ਧੜਿਆਂ ਦੀ ਜਾਇਦਾਦ ਬਣਾ ਦਿੱਤਾ ਗਿਆ ਹੈ ਅਤੇ ਗੁਰੂ ਕੀ ਗੋਲਕ ਦੀ ਵਰਤੋਂ ਗ.ਰੀਬਾਂ ਤੇ ਲੋੜਵੰਦਾਂ ਦੀ ਸੇਵਾ ਦੀ ਥਾਂ ਸਿਆਸੀ ਹਿੱਤਾਂ ਲਈ ਕੀਤੀ ਜਾ ਰਹੀ ਹੈ। ਉਨ੍ਹਾਂ ਮੌਜੂਦਾ ਕਮੇਟੀ ਪ੍ਰਬੰਧ ਵਿੱਚ ਤਬਦੀਲੀ ਕਰਕੇ ਨਵੇਂ ਹੱਥਾਂ ਵਿੱਚ ਪ੍ਰਬੰਧ ਸੌਂਪਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਬਾਦਲ ਧੜੇ ਦਾ ਬਾਈਕਾਟ ਕਰਨ ਦੀ ਅਪੀਲ

ਭਾਈ ਤਾਰਾ ਨੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਬਾਦਲ ਧੜੇ ਦਾ ਬਾਈਕਾਟ ਕਰਨ। ਉਨ੍ਹਾਂ ਬਾਦਲ ਪਰਿਵਾਰ ਅਤੇ ਅਕਾਲੀ ਦਲ ਦੀ ਸਿਆਸੀ ਕਾਰਗੁਜ਼ਾਰੀ ਉੱਤੇ ਗੰਭੀਰ ਸਵਾਲ ਉਠਾਉਂਦਿਆਂ ਦੋਸ਼ ਲਾਇਆ ਕਿ ਸਿੱਖ ਕਤਲੇਆਮ ਨਾਲ ਜੁੜੇ ਦੋਸ਼ਾਂ ਦਾ ਸਾਹਮਣਾ ਕਰ ਚੁੱਕੇ ਸੁਮੇਧ ਸੈਣੀ ਵਰਗੇ ਅਧਿਕਾਰੀਆਂ ਨੂੰ ਤਰੱਕੀਆਂ ਦੇਣ, ਡੇਰਾ ਸਿਰਸਾ ਮੁਖੀ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮੁਆਫ਼ੀ ਦਿਵਾਉਣ ਅਤੇ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਆਗੂਆਂ ਨੂੰ ਸਿਆਸੀ ਸਰਪ੍ਰਸਤੀ ਦੇਣ ਵਰਗੇ ਮਾਮਲਿਆਂ ਲਈ ਉਨ੍ਹਾਂ ਨੂੰ ਜਵਾਬਦੇਹ ਠਹਿਰਾਇਆ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਅੱਜ ਵੀ ਕੁਝ ਸਿਆਸੀ ਆਗੂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਮੁੜ ਸਰਕਾਰ ਬਣਾਉਣ ਦੀਆਂ ਗੱਲਾਂ ਕਰ ਰਹੇ ਹਨ, ਪਰ ਸਿੱਖ ਕੌਮ ਨੂੰ ਆਪਣੀ ਪ੍ਰਭੂਸੱਤਾ ਅਤੇ ਆਜ਼ਾਦੀ ਦੇ ਸਵਾਲ ਨੂੰ ਸਭ ਤੋਂ ਉੱਪਰ ਰੱਖਣਾ ਚਾਹੀਦਾ ਹੈ।

ਆਪਣੇ ਸੰਦੇਸ਼ ਦੇ ਅਖੀਰ ਵਿੱਚ ਭਾਈ ਜਗਤਾਰ ਸਿੰਘ ਤਾਰਾ ਨੇ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਉਹ ਆਪਸੀ ਫੁੱਟ ਖ਼ਤਮ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਓਟ ਲੈਣ, ਬਾਣੀ ਅਤੇ ਬਾਣੇ ਨਾਲ ਜੁੜਨ ਅਤੇ ਆਪਣੇ ਨਿਸ਼ਾਨੇ ਦੀ ਪ੍ਰਾਪਤੀ ਲਈ ਨਿਸ਼ਕਾਮ ਹੋ ਕੇ ਸੰਘਰਸ਼ ਜਾਰੀ ਰੱਖਣ।

ਇਹ ਸੰਦੇਸ਼ ਭਾਈ ਜਗਤਾਰ ਸਿੰਘ ਤਾਰਾ ਵੱਲੋਂ ਬੁੜੈਲ ਜੇਲ੍ਹ, ਚੰਡੀਗੜ੍ਹ ਤੋਂ ਭੇਜਿਆ ਗਿਆ ਸੀ, ਜਿਸ ਨੂੰ ਲੰਡਨ ਵਿਖੇ ਮਹਾਰਾਜਾ ਦਲੀਪ ਸਿੰਘ ਦੀ ਬਰਸੀ ਸਮਾਗਮ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਦੀ ਹਾਜ਼ਰੀ ਵਿੱਚ ਪੜ੍ਹ ਕੇ ਸੁਣਾਇਆ ਗਿਆ।


ਗੁਰੂ ਪੰਥ ਦਾ ਦਾਸ,

ਭਾਈ ਜਗਤਾਰ ਸਿੰਘ ਤਾਰਾ

ਬੁੜੈਲ ਜੇਲ੍ਹ, ਚੰਡੀਗੜ੍ਹ, ਪੰਜਾਬ।

ਬੋਲੇ ਸੋ ਨਿਹਾਲ, ਸਤਿ ਸ੍ਰੀ ਅਕਾਲ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਸ਼ਹੀਦ ਗੁਰਤੇਜ ਸਿੰਘ ਫੌਜੀ ਸਰਕਾਰੀ ਹਾਈ ਸਕੂਲ ਨਥੇਹਾ ਵਿਖੇ

ਨਵੀਂ ਸਾਇੰਸ ਲੈਬ ਦਾ ਉਦਘਾਟਨ

ਮੁੱਖ ਮਹਿਮਾਨ ਗੁਰਪ੍ਰੀਤ ਕੌਰ ਨੇ ਸਾਇੰਸ ਲੈਬ ਦਾ ਕੀਤਾ ਉਦਘਾਟਨ, ਖੇਡਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਕੀਤਾ ਸਨਮਾਨ





ਤਲਵੰਡੀ ਸਾਬੋ, 03 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸ਼ਹੀਦ ਗੁਰਤੇਜ ਸਿੰਘ ਫ਼ੌਜੀ ਸਰਕਾਰੀ ਹਾਈ ਸਕੂਲ ਨਥੇਹਾ ਵਿਖੇ ਅੱਜ ਨਵੀਂ ਸਾਇੰਸ ਲੈਬ ਦਾ ਉਦਘਾਟਨ ਮੁੱਖ ਮਹਿਮਾਨ ਸ਼੍ਰੀਮਤੀ ਗੁਰਪ੍ਰੀਤ ਕੌਰ, ਚੇਅਰਪਰਸਨ ਮਾਰਕੀਟ ਕਮੇਟੀ ਰਾਮਾਂ ਵੱਲੋਂ ਕੀਤਾ ਗਿਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਮੁੱਖ ਮਹਿਮਾਨ ਦੇ ਸਵਾਗਤ ਲਈ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਨੇ ਸਮਾਗਮ ਨੂੰ ਹੋਰ ਵੀ ਯਾਦਗਾਰੀ ਬਣਾ ਦਿੱਤਾ। ਸਾਇੰਸ ਲੈਬ ਦੇ ਉਦਘਾਟਨ ਮੌਕੇ ਵਿਦਿਆਰਥੀਆਂ ਨੂੰ ਵਿਗਿਆਨਕ ਸਿੱਖਿਆ ਨਾਲ ਜੋੜਨ ਅਤੇ ਉਨ੍ਹਾਂ ਵਿੱਚ ਵਿਗਿਆਨ ਪ੍ਰਤੀ ਰੁਚੀ ਪੈਦਾ ਕਰਨ ਦੇ ਉਦੇਸ਼ ਨਾਲ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਕੂਲ ਦੇ ਉਨ੍ਹਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਨੇ ਖੇਡਾਂ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਮਾਗਮ ਦੌਰਾਨ ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ ਨੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਆਗਾਮੀ ਚੋਣਾਂ ਸਬੰਧੀ ਵੀ ਲੋਕਾਂ ਨੂੰ ਜਾਗਰੂਕ ਕੀਤਾ। ਮੁੱਖ ਮਹਿਮਾਨ ਸ਼੍ਰੀਮਤੀ ਗੁਰਪ੍ਰੀਤ ਕੌਰ ਨੇ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ ਅਤੇ ਪ੍ਰਾਪਤੀਆਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਨੇ ਸਿੱਖਿਆ ਦੇ ਖੇਤਰ ਵਿੱਚ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਅਤੇ ਸਿੱਖਿਆ ਕ੍ਰਾਂਤੀ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਮਿਆਰੀ ਸਿੱਖਿਆ ਦੇ ਨਾਲ-ਨਾਲ ਵਿਗਿਆਨਕ ਸੋਚ ਦਾ ਵਿਕਾਸ ਕਰਨਾ ਵੀ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਨਵੀਂ ਸਾਇੰਸ ਲੈਬ ਨੂੰ ਵਿਦਿਆਰਥੀਆਂ ਲਈ ਲਾਹੇਵੰਦ ਦੱਸਦਿਆਂ ਵਿਗਿਆਨ ਵਿਸ਼ੇ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਸ਼੍ਰੀਮਤੀ ਦੀਪਾਲੀ ਜੀ ਨੇ ਸਮਾਗਮ ਵਿੱਚ ਪਹੁੰਚੇ ਮੁੱਖ ਮਹਿਮਾਨ ਅਤੇ ਹੋਰਨਾਂ ਪਤਵੰਤਿਆਂ ਦਾ ਸਵਾਗਤ ਕੀਤਾ। ਉਨ੍ਹਾਂ ਨੇ ਸਕੂਲ ਵਿੱਚ ਨਵੀਂ ਸਾਇੰਸ ਲੈਬ ਦੀ ਸਥਾਪਨਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਹ ਲੈਬ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਵਿਗਿਆਨਕ ਗਿਆਨ ਵਿੱਚ ਵਾਧਾ ਕਰਨ ਲਈ ਸਹਾਇਕ ਸਿੱਧ ਹੋਵੇਗੀ। ਇਸ ਮੌਕੇ ਮੁੱਖ ਅਧਿਆਪਕਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਸਮਾਗਮ ਦੌਰਾਨ ਸਰਪੰਚ ਸ਼੍ਰੀਮਤੀ ਰਾਜ ਰਾਣੀ, ਸੁਖਪਾਲ ਸਿੰਘ, ਚਰਨਜੀਤ ਸਿੰਘ, ਮਲਕੀਤ ਸਿੰਘ, ਜਗਦੇਵ ਸਿੰਘ, ਨਾਜ਼ਰ ਸਿੰਘ ਸਮੁੱਚੀ ਪੰਚਾਇਤ, ਮਾਸਟਰ ਬਲਕੌਰ ਸਿੰਘ ਸਿੱਧੂ ਪ੍ਰਾਇਮਰੀ ਸਕੂਲ ਨਥੇਹਾ, ਮਾਸਟਰ ਬੀਰਬਲ ਸਿੰਘ ਮਾਡਲ ਸਕੂਲ ਨਥੇਹਾ, ਮਾਸਟਰ ਗੁਰਦਾਨ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM
International Newspaper & WEB TV

ਤਖ਼ਤ ਇਸ਼ਨਾਨ, ਦੀਪਮਾਲਾ, ਦੀਪਮਾਲਾ ਮਹੱਲਾ, ਗੁਰਤਾਗੱਦੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਸਮਾਗਮ ਵੱਡੇ ਪੱਧਰ ਤੇ ਮਿਤੀ 7 ਨਵੰਬਰ ਤੋਂ ਮਿਤੀ 15 ਨਵੰਬਰ ਤੱਕ ਅਤੇ 24 ਨਵੰਬਰ ਨੂੰ

ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਮਨਾਏ ਜਾਣਗੇ



ਚੌਕ ਮਹਿਤਾ, 3 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਖ਼ਤ ਇਸ਼ਨਾਨ, ਦੀਪਮਾਲਾ, ਦੀਪਮਾਲਾ ਮਹੱਲਾ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਗੁਰਪੁਰਬ ਮਿਤੀ 07 ਨਵੰਬਰ 2026 ਤੋਂ ਮਿਤੀ 15 ਨਵੰਬਰ 2026 ਤੱਕ ਮਾਨਯੋਗ ਪੰਜਪਿਆਰੇ ਸਾਹਿਬਾਨ, ਸੰਤ ਮਹਾਂਪੁਰਖ, ਸਾਧ-ਸੰਗਤ ਅਤੇ ਗੁਰਦੁਆਰਾ ਸੱਚਖੰਡ ਬੋਰਡ ਦੇ ਮਾਨਯੋਗ ਮੀਤ ਪ੍ਰਧਾਨ - ਸ. ਗੁਰਿੰਦਰ ਸਿੰਘ ਜੀ ਬਾਵਾ, ਸਕੱਤਰ - ਸ੍ਰ: ਰਵਿੰਦਰ ਸਿੰਘ ਬੁੰਗਈ ਅਤੇ ਸਮੂੰਹ ਮੈਂਬਰ ਸਾਹਿਬਾਨ ਦੇ ਮੁੱਖ ਹਾਜ਼ਰੀ ਵਿੱਚ ਹੇਠ ਲਿਖੇ ਪ੍ਰੋਗ੍ਰਾਮ ਅਨੁਸਾਰ ਹੋਵੇਗਾ। ਇਸ ਸਮਾਗਮ ਲਈ ਗੁਰਦੁਆਰਾ ਬੋਰਡ ਦੇ ਮਾਨਯੋਗ ਮੀਤ ਪ੍ਰਧਾਨ, ਸਕੱਤਰ ਸਾਹਿਬ ਅਤੇ ਸਮੂੰਹ ਮੈਂਬਰ ਸਾਹਿਬਾਨ ਵੱਲੋਂ ਆਉਣਵਾਲੀ ਸਮੂੰਹ ਸਾਧ-ਸੰਗਤ, ਮਹਾਪੁਰਸ਼, ਜੱਥੇ ਬੰਦੀਆਂ ਉਨ੍ਹਾਂ ਸਾਰੀਆਂ ਲਈ ਸਮਾਗਮ ਸਮੇਂ ਰਿਹਾਈਸ਼, ਲੰਗਰ, ਪਾਣੀ, ਹਸਪਤਾਲ ਅਤੇ ਹੋਰ ਜ਼ਰੂਰੀ ਸਹੂਲਤਾ ਮੁਹੱਯਾ ਕਰਵਾਉਣ ਲਈ ਗੁਰਦੁਆਰਾ ਬੋਰਡ ਦੇ ਸਮੂੰਹ ਅਧਿਕਾਰੀ ਅਤੇ ਕਰਮਚਾਰੀਆਂ ਨੂੰ ਵੱਧ ਅਤੇ ਯੋਗ ਪ੍ਰਬੰਧ ਕਰਨ ਲਈ ਸੂਚਨਾ ਦਿੱਤੀ ਗਈ ਹੈ। ਤਾਂਕਿ ਆਉਣ ਵਾਲੀ ਸਮੁੱਚੀ ਸਾਧ-ਸੰਗਤ ਨੂੰ ਕੋਈ ਔਕੜ ਪੇਸ਼ ਨਾ ਆਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਸ਼ਨੀਵਾਰ ਮਿਤੀ 07 ਨਵੰਬਰ 2026
ਤਖਤ ਇਸ਼ਨਾਨ
ਐਤਵਾਰ ਮਿਤੀ 08 ਨਵੰਬਰ 2026
ਬੰਦੀਛੋੜ ਦਿਵਸ (ਦੀਪਮਾਲਾ)
ਸੋਮਵਾਰ ਮਿਤੀ 09 ਨਵੰਬਰ 2026
ਮਹੱਲਾ ਦੀਪਮਾਲਾ
ਬੁਧਵਾਰ ਮਿਤੀ 11 ਨਵੰਬਰ 2026

ਗੁਰਪੁਰਬ ਦੂਜ-ਗੁਰਤਾਗੱਦੀ ਨਸ਼ੀਨੀ ਨਗਰ ਕੀਰਤਨ ਸਵੇਰੇ 08:00 ਵਜੇ ਗੁਰਦੁਆਰਾ ਨਗੀਨਾ ਘਾਟ ਸਾਹਿਬ ਤੋਂ ਆਰੰਭ ਹੋਵੇਗਾ ਅਤੇ ਤਖਤ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾਗੱਦੀ ਦੀ ਰਸਮ ਅਦਾ ਹੋਵੇਗੀ। ਸ਼ਾਮ 07:30 ਵਜੇ ਤੋਂ ਗੁਰਤਾਗੱਦੀ ਗੁਰਮਤਿ ਸਮਾਗਮ ਦੀ ਅਰੰਭਤਾ-ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਹੋਵੇਗੀ।

ਸ਼ਨੀਵਾਰ ਮਿਤੀ 14 ਨਵੰਬਰ 2026

ਪੰਚਮੀ - ਸੱਚਖੰਡ ਗਮਨ ਪਾ. 10 ਵੀਂ ਅਤੇ ਸ਼ਾਮ 04:15 ਵਜੇ 15 ਮਿਟਾਂ ਲਈ ਮੁਲਮੰਤਰ ਦਾ ਸਿਮਰਨ ਹੋਵੇਗਾ।

ਐਤਵਾਰ ਮਿਤੀ 15 ਨਵੰਬਰ 2026

ਸਮਾਪਤੀ ਗੁਰਮਤਿ ਸਮਾਗਮ ਅਤੇ ਸ਼ਾਮ 04:00 ਵਜੇ ਨਗਰ ਕੀਰਤਨ ਆਰੰਭ

:-: ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ :-:

ਮਿਤੀ 24 ਨਵੰਬਰ 2026ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਧੂਮ-ਧਾਮ ਨਾਲ ਮਨਾਇਆ ਜਾਵੇਗਾ। ਇਸ ਨਮਿਤ ਪਰੰਪਰਾਗਤ ਚਲੀ ਆ ਰਹੀ ਰਵਾਇਤ ਅਨੁਸਾਰ ਇਸ ਸਮਾਗਮ ਲਈ ਵਿਸ਼ੇਸ਼ ਤੌਰ ਤੇ ਗੁਰਦੁਆਰਾ ਨਾਨਕ ਝੀਰਾ ਸਾਹਿਬ ਬਿਦਰ (ਕਰਨਾਟਕਾ) ਵਿਖੇ ਸਮਾਗਮ ਮਨਾਉਣ ਲਈ ਵਿਸ਼ੇਸ਼ ਰੇਲ ਰਾਹੀ ਚੌਕੀ ਮਿਤੀ 23 ਨਵੰਬਰ 2026 ਨੂੰ ਸਵੇਰੇ 7 ਵਜੇ ਹਜ਼ੂਰ ਸਾਹਿਬ ਰੇਲਵੇ ਸਟੇਸ਼ਨ ਤੋਂ ਨਾਨਕ ਝੀਰਾ ਸਾਹਿਬ ਬਿਦਰ ਲਈ ਰਵਾਨਾ ਹੋਵੇਗੀ ਅਤੇ ਮਿਤੀ 24 ਨਵੰਬਰ 2026 ਨੂੰ ਗੁਰੂ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਕੇ ਇਹ ਚੌਕੀ ਮਿਤੀ 25 ਨਵੰਬਰ 2026 ਨੂੰ ਦੋਪਹਿਰ 1.30 ਵਜੇ ਬਿਦਰ ਰੇਲਵੇ ਸਟੇਸ਼ਨ ਤੋਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਲਈ ਰਵਾਨਾ ਹੋਵੇਗੀ ਸਮੂੰਹ ਸਾਧ-ਸੰਗਤ ਨੂੰ ਸ੍ਰ: ਗੁਰਿੰਦਰ ਸਿੰਘ ਜੀ ਬਾਵਾ, ਸ੍ਰ: ਰਵਿੰਦਰ ਸਿੰਘ ਬੁੰਗਈ ਅਤੇ ਸਮੂਹ ਮੈਂਬਰ ਸਾਹਿਬਾਨ ਵੱਲੋਂ ਅਤੇ ਸ੍ਰ: ਰਵਿੰਦਰ ਸਿੰਘ ਕਪੂਰ - ਸੁਪਰਡੈਂਟ ਸਾਹਿਬ ਵੱਲੋਂ ਬੇਨਤੀ ਹੈ ਕਿ, ਇਨ੍ਹਾਂ ਸਾਰੀਆਂ ਧਾਰਮਿਕ ਸਮਾਗਮਾਂ ਵਿੱਚ ਦਰਸ਼ਨ ਦੇਕਰ ਗੁਰੂ ਸਾਹਿਬ ਜੀ ਦੀ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਧਾਨ ਪ੍ਰਮਿੰਦਰ ਸਿੰਘ ਕੰਬੋ ਹਠੂਰ ਨੇ ਬੀ.ਸੀ. ਸਮਾਜ ਦੀਆਂ

ਹੱਕੀ ਮੰਗਾਂ ਲਈ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਦਿੱਤਾ ਮੰਗ ਪੱਤਰ

ਚੰਡੀਗੜ੍ਹ -(ਵਰਿਆਮ ਹਠੂਰ) ਸ੍ਰੋਮਣੀ ਅਕਾਲੀ ਦਲ ਬੀ. ਸੀ. ਵਿੰਗ ਦੇ ਹਲਕਾ ਜਗਰਾਉਂ ਤੋਂ ਪ੍ਰਧਾਨ ਸ੍ਰ: ਪ੍ਰਮਿੰਦਰ ਸਿੰਘ ਕੰਬੋ ਹਠੂਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪਾਰਟੀ ਪ੍ਰਧਾਨ ਸ੍ਰ: ਸੁਖਬੀਰ ਸਿੰਘ ਬਾਦਲ, ਪਾਰਟੀ ਦੇ ਚੋਣ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਭੂੰਦੜ, ਸੀਨੀਅਰ ਆਗੂ ਤੇ ਸਾਬਕਾ ਮੰਤਰੀ ਹੀਰਾ ਸਿੰਘ ਗਾਬੜੀਆਂ ਨੂੰ ਚੋਣ ਮੈਨੀਫੈਸਟੋ ਕਮੇਟੀ ਮੈਂਬਰ ਅਤੇ ਹਲਕਾ ਜਗਰਾਉਂ ਦੇ ਇੰਚਾਰਜ਼ ਸ੍ਰੀ ਐੱਸ.ਆਰ. ਕਲੇਰ ਦੀ ਮੌਜੂਦਗੀ ਵਿੱਚ ਬੀ. ਸੀ. ਸਮਾਜ ਦੀਆਂ ਕੁੱਝ ਮਹੱਤਵਪੂਰਨ ਹੱਕੀ ਮੰਗਾਂ ਸਬੰਧੀ ਪਾਰਟੀ ਪ੍ਰਧਾਨ ਸ੍ਰ: ਸੁਖਬੀਰ ਸਿੰਘ ਬਾਦਲ ਨੂੰ ਮੰਗ ਪੱਤਰ ਦਿੱਤਾ ਗਿਆ। ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਪ੍ਰਮਿੰਦਰ ਸਿੰਘ ਕੰਬੋ ਨੇ ਕਿਹਾ ਕਿ ਉਨਾਂ ਨੇ ਆਪਣੇ ਮੰਗ ਪੱਤਰ ਵਿਚ ਬੀ. ਸੀ. ਸਮਾਜ ਲਈ 27% ਰਿਜ਼ਰਵੇਸ਼ਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਬਲਾਕ ਸੰਮਤੀਆਂ, ਜ਼ਿਲ੍ਹਾ ਪ੍ਰੀਸ਼ਦ, ਸ਼ਹਿਰੀ ਨਗਰ ਕੌਂਸ਼ਲ, ਪਿੰਡਾਂ ਦੀਆਂ ਪੰਚਾਇਤਾਂ ਵਿੱਚ ਪੰਚੀ-ਸਰਪੰਚੀ ਲਈ ਵੀ ਸੀਟਾਂ ਰਾਖਵੀਆਂ ਕਰਨ ਦੀ ਮੰਗ ਕੀਤੀ ਗਈ ਹੈ। ਇਸੇ ਤਰ੍ਹਾਂ ਸਕੂਲਾਂ ਵਿਚ ਵੀ ਉਨ੍ਹਾਂ ਲਈ ਸਰਕਾਰੀ ਨੌਕਰੀਆਂ ਲਈ 12% ਕੋਟੇ ਨੂੰ ਵਧਾਉਣ ਦੀਆਂ ਮੰਗਾਂ ਸ਼ਾਮਲ ਹਨ। ਪ੍ਰਧਾਨ ਕੰਬੋ ਹਠੂਰ ਨੇ ਦੱਸਿਆ ਕਿ ਉਨ੍ਹਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਚੋਣ ਮੈਨੀਫੈਸਟੋ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਭੂੰਦੜ ਨੂੰ ਮੰਗ ਪੱਤਰ ਦਿੰਦਿਆਂ ਉਕਤ ਮੰਗਾਂ ਨੂੰ ਚੋਣ ਮੈਨੀਫੈਸਟੋ ਵਿੱਚ ਸ਼ਾਮਲ ਕਰਨ ਦੀ ਅਪੀਲ ਕੀਤੀ ਅਤੇ ਪੰਜਾਬ ਅੰਦਰ 2027 ਦੌਰਾਨ ਪਾਰਟੀ ਦੀ ਸਰਕਾਰ ਬਨਣ ਉਪਰੰਤ ਉਕਤ ਮੰਗਾਂ ਨੂੰ ਲਾਗੂ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਚੋਣ ਮੈਨੀਫੈਸਟੋ ਵਿਚ ਸ਼ਾਮਲ ਕਰਨ ਅਤੇ ਸਰਕਾਰ ਬਨਣ ਉਪਰੰਤ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਦਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਚੇਅਰਮੈਨ ਬਲਵਿੰਦਰ ਸਿੰਘ ਭੂੰਦੜ ਨੇ ਪੂਰਨ ਭਰੋਸਾ ਦਿੱਤਾ ਹੈ। ਅੰਤ ਵਿੱਚ ਪ੍ਰਧਾਨ ਕੰਬੋ ਹਠੂਰ ਨੇ ਕਿਹਾ ਕਿ ਮੈਨੂੰ ਪੂਰੀ ਉਮੀਦ ਹੈ। ਕਿ ਬੀ.ਸੀ ਸਮਾਜ ਦੀਆਂ ਮਹੱਤਵਪੂਰਨ ਮੰਗਾਂ ਨੂੰ ਚੋਣ ਮੈਨੀਫੈਸਟੋ ਵਿੱਚ ਸਾਮਲ ਕੀਤਾ ਜਾਵੇਗਾ।

ਸਰਕਾਰ ਬਣਨ ਉਪਰੰਤ ਉਕਤ ਮੰਗਾਂ ਨੂੰ ਲਾਗੂ ਕਰਨ ਦੀ ਕੀਤੀ ਅਪੀਲ

ਆਵਾਜ਼ਿ ਕੌਮ AWAZE QAUM International Newspaper & WEB TV



ਪੰਜਾਬੀਆਂ ਤੇ ਸਿੱਖਾਂ ਦੀ ਕਾਤਲ ਭਾਜਪਾ ਵਿਚ ਜਾਣ ਵਾਲੇ ਆਗੂ, ਪਹਿਲੋ ਵੱਡੇ ਸਾਮਿਲ ਹੋਏ ਆਗੂਆ ਦੇ ਹਸ਼ਰ ਨੂੰ ਚੇਤੇ ਰੱਖਣ : ਮਾਨ



ਨਵੀਂ ਦਿੱਲੀ, 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਭਾਜਪਾ ਅਤੇ ਕਾਂਗਰਸ ਉਹ ਜਮਾਤਾਂ ਹਨ ਜਿਨ੍ਹਾਂ ਦਾ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਨਾਲ ਕੋਈ ਸਰੋਕਾਰ ਨਹੀ । ਬਲਕਿ ਇਨ੍ਹਾਂ ਦੋਵਾਂ ਜਮਾਤਾਂ ਦੇ ਆਗੂਆ ਦੇ ਹੱਥ ਸਿੱਖਾਂ ਦੇ ਖੂਨ ਤੇ ਕਤਲੇਆਮ ਨਾਲ ਰੰਗੇ ਹੋਏ ਅਤੇ ਬੇਇਨਸਾਫੀਆ ਦੇ ਮੁੱਖ ਦੋਸ਼ੀ ਹਨ । ਇਨ੍ਹਾਂ ਨੂੰ ਸੂਬੇ ਤੇ ਇਸਦੇ ਨਿਵਾਸੀਆ ਨਾਲ ਕੋਈ ਹਮਦਰਦੀ ਨਹੀ ਬਲਕਿ ਇਹ ਅਕਸਰ ਹੀ ਪੰਜਾਬੀਆਂ ਤੇ ਸਿੱਖਾਂ ਨੂੰ ਬਦਨਾਮ ਕਰਕੇ ਹੀ ਆਪਣੀ ਕੌਮੀ ਸਿਆਸਤ ਨੂੰ ਅੱਗੇ ਵਧਾਉਣ ਦੀਆਂ ਸਾਜਿਸਾਂ ਵਿਚ ਮਸਰੂਫ ਹਨ । ਨਸ਼ੀਲੀਆਂ ਵਸਤਾਂ ਦੇ ਕਾਰੋਬਾਰੀਆਂ ਦੀ ਸਰਪ੍ਰਸਤੀ ਕਰਨ, ਸਿੱਖ ਨੌਜਵਾਨੀ ਨੂੰ ਮੌਤ ਦੇ ਮੂੰਹ ਵਿਚ ਧਕੇਲਣ, ਸਾਡੇ ਕੀਮਤੀ ਪਾਣੀਆਂ, ਬਿਜਲੀ, ਪੰਜਾਬੀ ਬੋਲਦੇ ਇਲਾਕਿਆ ਨੂੰ ਗੈਰ ਕਾਨੂੰਨੀ ਢੰਗ ਨਾਲ ਲੁੱਟਣ ਅਤੇ ਇਥੋ ਦੀ ਬੇਰੁਜਗਾਰੀ ਵਿਚ ਵਾਧਾ ਕਰਨ ਲਈ ਇਨ੍ਹਾਂ ਦੀਆਂ ਦਿਸ਼ਾਹੀਣ ਨੀਤੀਆ ਹੀ ਜਿੰਮੇਵਾਰ ਹਨ । ਜੇਕਰ ਅੱਜ ਪੰਜਾਬ ਸੂਬਾ ਤੇ ਪੰਜਾਬੀ ਦੀ ਅਤਿ ਮੰਦੀ ਮਾਲੀ ਹਾਲਤ ਹੈ ਅਤੇ ਲੱਖਾਂ ਦੀ ਗਿਣਤੀ ਵਿਚ ਬੇਰੁਜਗਾਰੀ ਹੈ ਤਾਂ ਇਨ੍ਹਾਂ ਜਮਾਤਾਂ ਵੱਲੋ ਸੈਂਟਰ ਵਿਚ ਹਕੂਮਤ ਕਰ ਰਹੇ ਹਰ ਖੇਤਰ ਵਿਚ ਜੁਲਮ-ਜਬਰ, ਬੇਇਨਸਾਫ਼ੀਆਂ ਅਤੇ ਵਿਤਕਰੇ ਖੁਦ ਹੀ ਇਨ੍ਹਾਂ ਦੇ ਪੰਜਾਬ ਵਿਰੋਧੀ ਖਿਆਲਾਤਾਂ ਨੂੰ ਜਾਹਰ ਕਰਦੇ ਹਨ। ਅਜਿਹੀ ਪੰਜਾਬ ਵਿਰੋਧੀ ਧਿਰ ਵਿਚ ਪਹਿਲੇ ਕੈਪ. ਅਮਰਿੰਦਰ ਸਿੰਘ, ਸੁਨੀਲ ਜਾਖੜ, ਜਗਮੀਤ ਸਿੰਘ ਬਰਾੜ ਅਤੇ ਹੋਰ ਕਈ ਪੰਜਾਬੀ ਤੇ ਸਿੱਖ ਆਗੂ ਸਾਮਿਲ ਹੋਏ ਹਨ । ਜਿਨ੍ਹਾਂ ਦਾ ਇਸ ਪਾਰਟੀ ਵਿਚ ਕਿਤੇ ਵੀ ਕੋਈ ਨਾਮੋ ਨਿਸ਼ਾਨ ਸਤਿਕਾਰ-ਮਾਣ ਨਜਰ ਨਹੀ ਆ ਰਿਹਾ । ਇਸ ਲਈ ਹੁਣ ਵੱਖ-ਵੱਖ ਪਾਰਟੀਆ ਵਿਚੋ ਨਿਰਾਸ ਹੋ ਕੇ ਸਿੱਖਾਂ ਤੇ ਪੰਜਾਬੀਆ ਦੀ ਕਾਤਲ ਜਮਾਤ ਵਿਚ ਸਾਮਿਲ ਹੋਣ ਵਾਲੇ ਪੰਜਾਬੀ ਤੇ ਸਿੱਖ ਆਗੂਆ ਨੂੰ ਪਹਿਲੋ ਹੀ ਸਾਮਿਲ ਹੋਏ ਵੱਡੇ ਆਗੂਆ ਦੇ ਹਸ਼ਰ ਨੂੰ ਯਾਦ ਰੱਖਣਾ ਚਾਹੀਦਾ ਹੈ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਸੂਬੇ ਨਾਲ ਸੰਬੰਧਤ ਵੱਖ-ਵੱਖ ਜਮਾਤਾਂ ਦੇ ਆਗੂਆ ਵੱਲੋ ਸਿਆਸੀ ਤੇ ਦੁਨਿਆਵੀ ਲਾਲਸਾਵਾ ਦੇ ਗੁਲਾਮ ਬਣਕੇ ਉਪਰੋਕਤ ਪੰਜਾਬ ਵਿਰੋਧੀ ਪਾਰਟੀ ਵਿਚ ਸਾਮਿਲ ਹੋ ਰਹੇ ਅਤੇ ਹੋਣ ਜਾ ਰਹੇ ਆਗੂਆ ਦੀ ਜਮੀਰ ਨੂੰ ਇਨਸਾਨੀਅਤ ਕਦਰਾਂ ਕੀਮਤਾਂ ਅਤੇ ਪੰਜਾਬ ਦੀ ਸਰਜਮੀਨ ਦੇ ਅੱਛੇ ਗੁਣਾਂ ਦੇ ਬਿਨ੍ਹਾਂ ਤੇ ਝਿੰਜੋੜਦੇ ਹੋਏ ਅਤੇ ਇਸ ਕਾਤਲ ਤੇ ਪੰਜਾਬ ਵਿਰੋਧੀ ਜਮਾਤ ਵਿਚ ਕਿਸੇ ਤਰ੍ਹਾਂ ਵੀ ਸਮੂਲੀਅਤ ਨਾ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਭਾਜਪਾ, ਕਾਂਗਰਸ, ਆਰ.ਐਸ.ਐਸ. ਵਰਗੀਆ ਮੁਤੱਸਵੀ ਜਮਾਤਾਂ ਪੰਜਾਬੀਆ ਤੇ ਸਿੱਖ ਕੌਮ ਦੀਆਂ ਦੁਸਮਣ ਜਮਾਤਾਂ ਹਨ । ਅਜਿਹੀਆ ਜਮਾਤਾਂ ਵਿਚ ਉਹ ਸਮੂਲੀਅਤ ਕਰਕੇ ਨਾ ਤਾਂ ਆਪਣੇ ਲਈ ਕੁਝ ਪ੍ਰਾਪਤ ਕਰ ਸਕਣਗੇ ਅਤੇ ਨਾ ਹੀ ਸੂਬੇ ਅਤੇ ਸੂਬੇ ਦੇ ਨਿਵਾਸੀਆ ਦੀ ਕੋਈ ਕਿਸੇ ਤਰ੍ਹਾਂ ਦੀ ਬਿਹਤਰੀ ਕਰਨ ਜਾਂ ਉੱਚਾ-ਸੁੱਚਾ ਇਖਲਾਕ ਪੈਦਾ ਕਰਨ ਵਿਚ ਯੋਗਦਾਨ ਪਾ ਸਕਣਗੇ । ਬਲਕਿ ਆਪਣੀ ਜਮੀਰ ਨੂੰ ਦਾਗੀ ਕਰਕੇ ਆਪੋ ਆਪਣੇ ਥੋੜੇ ਬਹੁਤੇ ਪੰਜਾਬੀਆ ਤੇ ਸਿੱਖਾਂ ਵਿਚ ਬਣੇ ਸਤਿਕਾਰ ਮਾਣ ਨੂੰ ਵੀ ਖਤਮ ਕਰਨ ਵੱਲ ਵੱਧ ਰਹੇ ਹੋਣਗੇ । ਕਿਉਂਕਿ ਪੰਜਾਬੀ ਤੇ ਸਿੱਖ ਕਤਈ ਵੀ ਪੰਜਾਬ ਵਿਚ ਅਜਿਹੀਆ ਜਮਾਤਾਂ ਦੀ ਹਕੂਮਤ ਨੂੰ ਪ੍ਰਵਾਨ ਨਹੀ ਕਰਨਗੇ । ਇਸ ਲਈ ਧਨ-ਦੌਲਤਾਂ ਜਾਂ ਸਿਆਸੀ ਅਹੁਦਿਆ ਦੇ ਲਾਲਚ ਵੱਸ ਹੋ ਕੇ ਅਜਿਹੀਆ ਮੁਤੱਸਵੀ ਪਾਰਟੀਆ ਨੂੰ ਕਿਸੇ ਤਰ੍ਹਾਂ ਵੀ ਸਹਿਯੋਗ ਨਾ ਕਰਨ ਅਤੇ ਅਜਿਹੀਆ ਜਮਾਤਾਂ ਨੂੰ ਪੰਜਾਬ ਦੀ ਪਵਿੱਤਰ ਸਰਜਮੀਨ ਤੋ ਹਾਰ ਦੇ ਕੇ ਇਥੇ ਗੁਰੂਆਂ, ਪੀਰਾਂ, ਫਕੀਰਾਂ ਅਤੇ ਦਰਵੇਸਾ ਦੀ ਚਰਨਛੋਹ ਧਰਤੀ ਉਤੇ ਸੱਚ-ਹੱਕ ਅਤੇ ਇਨਸਾਫ ਦੀ ਆਵਾਜ ਬੁਲੰਦ ਕਰਨ ਤਾਂ ਇਹ ਪੰਜਾਬੀਆਂ ਤੇ ਸਿੱਖਾਂ ਲਈ ਵੀ ਬਿਹਤਰ ਹੋਵੇਗਾ ਬਲਕਿ ਕੋਈ ਵੀ ਕਾਂਗਰਸ, ਬੀਜੇਪੀ-ਆਰ.ਐਸ.ਐਸ ਵਰਗੀ ਪੰਜਾਬੀ ਤੇ ਸਿੱਖਾਂ ਦੀ ਕਾਤਲ ਜਮਾਤ ਇਥੇ ਰਾਜ ਭਾਗ ਕਾਇਮ ਕਰਨ ਵਿਚ ਕਾਮਯਾਬ ਨਹੀ ਹੋ ਸਕੇਗੀ ਅਤੇ ਅਸੀ ਅਜਿਹੀ ਜਿੰਮੇਵਾਰੀ ਨਿਭਾਕੇ ਅਸਲੀਅਤ ਵਿਚ ਇਨਸਾਨੀਅਤ ਅਤੇ ਸਮਾਜਿਕ ਕਦਰਾਂ ਕੀਮਤਾਂ ਨੂੰ ਮਜਬੂਤ ਕਰਨ ਵਿਚ ਯੋਗਦਾਨ ਪਾ ਰਹੇ ਹੋਵਾਂਗੇ ਜੋ ਕਿ ਸਾਡਾ ਸਾਰਿਆ ਦਾ ਸਾਂਝਾ ਫਰਜ ਅਤੇ ਉਦਮ ਹੋਣਾ ਚਾਹੀਦਾ ਹੈ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਆਉਣ ਵਾਲੀਆ 2027 ਦੀਆਂ ਚੋਣਾਂ ਵਿਚ ਇਨ੍ਹਾਂ ਮੁਤੱਸਵੀ ਜਮਾਤਾਂ ਨੂੰ ਸਮੁੱਚੇ ਪੰਜਾਬੀ ਆਪਣੇ ਵੋਟ ਹੱਕ ਰਾਹੀ ਦੁਰਕਾਰ ਦੇਣਗੇ ਅਤੇ ਪੰਜਾਬੀਆ ਤੇ ਸਿੱਖਾਂ ਦੀ ਉੱਚੇ ਸੁੱਚੇ ਇਖਲਾਕ ਵਰਗੇ ਵਿਧਾਨਕਾਰਾਂ ਰਾਹੀ ਸਾਂਝੀ ਪੰਥਕ ਹਕੂਮਤ ਕਾਇਮ ਕਰਨ ਵਿਚ ਯੋਗਦਾਨ ਪਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਗਲੋਬਲ ਫਾਊਂਡੇਸ਼ਨ ਦੇ ਦੀਕਸ਼ਾਂਤ ਸਮਾਗਮ 'ਚ ਉੱਘੀਆਂ ਸ਼ਖ਼ਸੀਅਤਾਂ ਨੂੰ ਡਾਕਟਰੇਟ ਨਾਲ ਕੀਤਾ ਗਿਆ ਸਨਮਾਨਿਤ



ਨਵੀਂ ਦਿੱਲੀ 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਪੱਛਮੀ ਵਿਹਾਰ ਸਥਿਤ ਮੇਪਲ ਗੋਲਡ ਬੈਂਕੁਏਟ ਵਿਖੇ ਗਲੋਬਲ ਫਾਊਂਡੇਸ਼ਨ ਵੱਲੋਂ ਕਰਵਾਏ ਗਏ ਭਵਿਆ ਦੀਕਸ਼ਾਂਤ ਸਮਾਗਮ ਦੌਰਾਨ ਸਮਾਜ ਸੇਵਾ, ਸਿੱਖਿਆ, ਸੁੰਦਰਤਾ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨੂੰ ਸੈਡਰਬਰੁਕ ਯੂਨੀਵਰਸਿਟੀ ਵੱਲੋਂ ਡਾਕਟਰੇਟ ਦੀਆਂ ਉਪਾਧੀਆਂ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਨੈਸ਼ਨਲ ਅਕਾਲੀ ਦਲ ਦੇ ਰਾਸ਼ਟਰੀ ਪ੍ਰਧਾਨ ਅਤੇ ਸੋਸ਼ਲ ਐਕਟੀਵਿਸਟ ਪਰਮਜੀਤ ਸਿੰਘ ਪੰਮਾ, ਕਾਸਮੈਟੋਲੋਜਿਸਟ ਡਾ. ਵਿਓਮਾ ਮਿਨੋਚਾ ਅਤੇ ਬੇਸਿਕ ਐਜੂਕੇਸ਼ਨ ਮੂਵਮੈਂਟ ਆਫ ਇੰਡੀਆ ਦੇ ਨੈਸ਼ਨਲ ਪ੍ਰਧਾਨ ਡਾ. ਰਾਜੇਸ਼ ਕੁਮਾਰ ਸਮੇਤ ਕਈ ਪਤਵੰਤੇ ਹਾਜ਼ਰ ਰਹੇ। ਦੀਪ ਪ੍ਰਜਵਲਨ ਅਤੇ ਰਾਸ਼ਟਰਗਾਨ ਨਾਲ ਸ਼ੁਰੂ ਹੋਏ ਇਸ ਸਮਾਗਮ ਦੌਰਾਨ ਬੋਲਦਿਆਂ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਪ੍ਰਤਿਭਾਵਾਂ ਅਤੇ ਸਮਾਜ ਲਈ ਨਿਸ਼ਕਾਮ ਸੇਵਾ ਕਰਨ ਵਾਲੇ ਲੋਕਾਂ ਦਾ ਸਨਮਾਨ ਕਰਨਾ ਸਮਾਜ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਨਮਾਨ ਨਾ ਸਿਰਫ਼ ਸਨਮਾਨਿਤ ਸ਼ਖ਼ਸੀਅਤਾਂ ਦਾ ਹੌਸਲਾ ਵਧਾਉਂਦੇ ਹਨ, ਸਗੋਂ ਨੌਜਵਾਨ ਪੀੜ੍ਹੀ ਨੂੰ ਵੀ ਸਿੱਖਿਆ, ਸੇਵਾ ਅਤੇ ਸਮਾਜਕ ਭਲਾਈ ਦੇ ਖੇਤਰ ਵਿੱਚ ਬਿਹਤਰ ਕੰਮ ਕਰਨ ਲਈ ਉਤਸ਼ਾਹਿਤ ਕਰਦੇ ਹਨ। ਪੰਮਾ ਨੇ ਗਲੋਬਲ ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜ ਵਿੱਚ ਚੰਗੇ ਕੰਮ ਕਰਨ ਵਾਲੀਆਂ ਪ੍ਰਤਿਭਾਵਾਂ ਨੂੰ ਮੰਚ ਅਤੇ ਬਣਦਾ ਸਨਮਾਨ ਮਿਲਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਡਾਕਟਰੇਟ ਪ੍ਰਾਪਤ ਕਰਨ ਵਾਲੀਆਂ ਸਾਰੀਆਂ ਸ਼ਖ਼ਸੀਅਤਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੱਲੋਂ ਪਿੰਡ ਪੁੰਨਾਂਵਾਲ ਅਤੇ ਕਿਲਾ ਹਕੀਮਾਂ ਦੇ ਸਰਕਾਰੀ ਸਕੂਲਾਂ 'ਚ

ਕਰੀਬ 50 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਧੂਰੀ (**ਰਣਜੀਤ ਸਿੰਘ ਪੇਧਨੀ**)-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਚੇਅਰਮੈਨ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦਲਵੀਰ ਸਿੰਘ ਢਿੱਲੋਂ ਵੱਲੋਂ ਪਿੰਡ ਪੁੰਨਾਂਵਾਲ ਅਤੇ ਕਿਲਾ ਹਕੀਮਾਂ ਦੇ ਸਰਕਾਰੀ ਸਕੂਲਾਂ ਵਿੱਚ ਕਰੀਬ 50 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਪਿੰਡ ਪੁੰਨਾਂਵਾਲ ਦੇ ਸਰਕਾਰੀ ਸਕੂਲ ਵਿਖੇ ਸਕੂਲ ਆਫ਼ ਹੈਪੀਨੈੱਸ ਦੀ ਇਮਾਰਤ ਦਾ 40 ਲੱਖ 40 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕਰਵਾਇਆ ਗਿਆ ਹੈ। ਇਸੇ ਤਰ੍ਹਾਂ ਪਿੰਡ ਕਿਲਾ ਹਕੀਮਾਂ ਦੇ ਸਰਕਾਰੀ ਸਕੂਲ ਦੀ ਇਮਾਰਤ ਦਾ 9 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਨਵੀਨੀਕਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਾਰਜਾਂ ਨਾਲ ਵਿਦਿਆਰਥੀਆਂ ਨੂੰ ਬਿਹਤਰ ਅਤੇ ਸੁਖਾਵਾਂ ਵਿੱਦਿਅਕ ਮਾਹੌਲ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਤਬਦੀਲੀਆਂ ਲਿਆਉਣ ਲਈ ਵਚਨਬੱਧ ਹੈ। ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਅਤੇ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਵੀ ਬਿਹਤਰ ਮੌਕੇ ਪ੍ਰਾਪਤ ਕਰ ਸਕਣ। ਉਨ੍ਹਾਂ ਕਿਹਾ ਕਿ ਸਿੱਖਿਆ ਕਿਸੇ ਵੀ ਸਮਾਜ ਅਤੇ ਸੂਬੇ ਦੀ ਤਰੱਕੀ ਦਾ ਅਹਿਮ ਆਧਾਰ ਹੈ ਅਤੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਸਿੱਖਿਆ ਦੇ ਉੱਤਮ ਕੇਂਦਰਾਂ ਵਜੋਂ ਵਿਕਸਿਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਸੰਮਤੀ ਮੈਂਬਰ ਗੁਰਵਿੰਦਰ ਸਿੰਘ, ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ, ਪਿੰਡ ਪੁੰਨਾਂਵਾਲ ਦੇ ਸਰਪੰਚ ਗੋਬਿੰਦ ਸਿੰਘ, ਪਿੰਡ ਕਿਲਾ ਹਕੀਮਾਂ ਦੇ ਸਰਪੰਚ ਅਮਰੀਕ ਸਿੰਘ, ਸਰਪੰਚ ਗੁਰਿੰਦਰ ਸਿੰਘ, ਗੋਬਿੰਦ ਸਿੰਘ, ਜਗਸੀਰ ਸਿੰਘ ਅਤੇ ਪੱਪੀ ਪੁੰਨਾਂਵਾਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨਾ ਪੰਜਾਬ ਸਰਕਾਰ ਦੀ ਮੁੱਖ ਤਰਜੀਹ: ਦਲਵੀਰ ਸਿੰਘ ਢਿੱਲੋਂ

ਓ.ਐਸ.ਡੀ. ਸੁਖਵੀਰ ਸਿੰਘ ਵੱਲੋਂ

ਧੂਰੀ ਹਲਕੇ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ



ਸੰਗਰੂਰ (**ਰਣਜੀਤ ਸਿੰਘ ਪੇਧਨੀ**)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਸੰਗਰੂਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਧੂਰੀ ਵਿਧਾਨ ਸਭਾ ਹਲਕੇ ਵਿੱਚ ਚੱਲ ਰਹੇ ਅਤੇ ਪ੍ਰਸਤਾਵਿਤ ਵਿਕਾਸ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਨੂੰ ਨਿਰਧਾਰਤ ਸਮਾਂ-ਸੀਮਾ ਅੰਦਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਇਨ੍ਹਾਂ ਦਾ ਲਾਭ ਬਿਨਾਂ ਕਿਸੇ ਦੇਰੀ ਤੋਂ ਮਿਲ ਸਕੇ। ਮੀਟਿੰਗ ਦੌਰਾਨ ਓ.ਐਸ.ਡੀ. ਸੁਖਵੀਰ ਸਿੰਘ ਨੇ ਵੱਖ-ਵੱਖ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਪ੍ਰਗਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ ਅਤੇ ਅਧਿਕਾਰੀਆਂ ਨੂੰ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਨਾਲ-ਨਾਲ ਨਿਯਮਤ ਨਿਗਰਾਨੀ ਵੀ ਕੀਤੀ ਜਾਵੇ ਤਾਂ ਜੋ ਕਿਸੇ ਵੀ ਪੱਧਰ 'ਤੇ ਬੇਲੋੜੀ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਧੂਰੀ ਹਲਕੇ ਦੇ ਸ਼ਹਿਰੀ ਤੇ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਲੋਕਾਂ ਦੀਆਂ ਲੋੜਾਂ ਅਤੇ ਤਰਜੀਹਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਨੇਪਰੇ ਚਾੜ੍ਹਨ ਲਈ ਕਿਹਾ। ਇਸ ਮੌਕੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਸੁਖਚੈਨ ਸਿੰਘ, ਮੁੱਖ ਮੰਤਰੀ ਫ਼ੀਲਡ ਅਫ਼ਸਰ ਅਰਵਿੰਦ ਕੁਮਾਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਧੂਰੀ 'ਚ ਚੱਲ ਰਹੇ ਵਿਕਾਸ ਕਾਰਜ ਨਿਰਧਾਰਤ ਸਮੇਂ ਅੰਦਰ ਮੁਕੰਮਲ ਕੀਤੇ ਜਾਣ: ਓ.ਐਸ.ਡੀ. ਸੁਖਵੀਰ ਸਿੰਘ

ਨਵੰਬਰ 1984 ਦੇ ਸ਼ਹੀਦਾਂ ਨੂੰ ਦਿੱਲੀ ਕਮੇਟੀ ਵੱਲੋਂ ਸ਼ਰਧਾਂਜਲੀ, ਰਾਹੁਲ ਗਾਂਧੀ ਦੀ ਰੈਲੀ 'ਤੇ ਤਿੱਖਾ ਇਤਰਾਜ਼



ਨਵੀਂ ਦਿੱਲੀ, 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਵੰਬਰ 1984 ਦੇ ਸਿੱਖ ਕਤਲੇਆਮ ਦੀ 42ਵੀਂ ਵਰ੍ਹੇਗੰਢ ਮੌਕੇ ਸ਼ਹੀਦ ਹੋਏ ਸਿੰਘਾਂ, ਸਿੰਘਣੀਆਂ, ਬਜ਼ੁਰਗਾਂ ਅਤੇ ਬੱਚਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਗੁਰਦੁਆਰਾ ਬੰਗਲਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਸ਼ਾਮ ਨੂੰ 'ਸੱਚ ਦੀ ਕੰਧ' ਵਿਖੇ ਪੀੜਤ ਪਰਿਵਾਰਾਂ ਅਤੇ ਸੰਗਤਾਂ ਨਾਲ ਮਿਲ ਕੇ ਅਰਦਾਸ ਕੀਤੀ ਗਈ ਅਤੇ ਕੈਂਡਲ ਜਲਾ ਕੇ ਸ਼ਹੀਦਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ 42 ਸਾਲ ਬੀਤ ਜਾਣ ਦੇ ਬਾਵਜੂਦ 1984 ਦੇ ਪੀੜਤ ਪਰਿਵਾਰਾਂ ਨੂੰ ਪੂਰਾ ਇਨਸਾਫ ਨਹੀਂ ਮਿਲਿਆ ਅਤੇ ਕੌਮ ਅੱਜ ਵੀ ਇਨਸਾਫ ਦੀ ਲੜਾਈ ਲੜ ਰਹੀ ਹੈ। ਕਾਲਕਾ ਤੇ ਕਾਹਲੋਂ ਨੇ 1 ਨਵੰਬਰ ਨੂੰ ਰਾਮਲੀਲਾ ਮੈਦਾਨ ਵਿੱਚ ਰਾਹੁਲ ਗਾਂਧੀ ਦੀ ਸਿਆਸੀ ਰੈਲੀ 'ਤੇ ਤਿੱਖਾ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ 1984 ਦੇ ਕਤਲੇਆਮ ਦੀ ਯਾਦ ਵਾਲੇ ਦਿਨ ਰੈਲੀ ਕਰਨਾ ਸਿੱਖਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਉਨ੍ਹਾਂ ਕਿਹਾ ਕਿ ਰੈਲੀ ਨਾ ਕਰਨ ਦੀਆਂ ਅਪੀਲਾਂ ਦੇ ਬਾਵਜੂਦ ਇਹ ਫੈਸਲਾ ਲਿਆ ਗਿਆ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਥੋੜ੍ਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਕਮੇਟੀ ਦਾ ਮੁੱਦਾ ਸਿਆਸੀ ਨਹੀਂ, ਸਗੋਂ 1984 ਦੇ ਪੀੜਤਾਂ ਨੂੰ ਇਨਸਾਫ ਦਿਵਾਉਣਾ ਹੈ ਅਤੇ ਦੋਸ਼ੀਆਂ ਨੂੰ ਕਾਨੂੰਨ ਅਨੁਸਾਰ ਸਜ਼ਾਵਾਂ ਮਿਲਣ ਤੱਕ ਇਹ ਸੰਘਰਸ਼ ਜਾਰੀ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਕਾਂਗਰਸ ਦਾ ਪੰਜਾ ਵੱਢੋ, ਭਾਜਪਾ ਦਾ ਕਮਲ ਉਖਾੜੋ ਕਿਉਂਕਿ 1984 ਦੇ ਇਨਸਾਫ਼ ਅਤੇ ਪੰਜਾਬ ਦੇ ਮੁੱਦਿਆਂ ਦਾ ਇੱਕੋ ਹੱਲ ਹੈ 'ਖਾਲਿਸਤਾਨ': ਗੁਰਪਤਵੰਤ ਪੰਨੂ

ਨਵੀਂ ਦਿੱਲੀ 3 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਯੂਬਾ ਸਿਟੀ ਕੈਲੀਫੋਰਨੀਆ ਤੋਂ ਸਿੱਖਸ ਫਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ ਨਵੰਬਰ ਉਨ੍ਹੀ ਸੌ ਚੌਰਾਸੀ ਦੇ ਸਿੱਖ ਨਸਲਕੁਸ਼ੀ ਦੇ ਮੁੱਦੇ ਨੂੰ ਲੈ ਕੇ ਭਾਰਤੀ ਰਾਜਨੀਤਿਕ ਧਿਰਾਂ ਖਿਲਾਫ ਤਿੱਖਾ ਹਮਲਾ ਬੋਲਦਿਆਂ ਖਾਲਿਸਤਾਨ ਰੈਫਰੈਂਡਮ ਲਈ ਦੋ ਮਿਲੀਅਨ ਵੋਟਰਾਂ ਨੂੰ ਰਜਿਸਟਰ ਕਰਨ ਦੀ ਮੁਹਿੰਮ ਦਾ ਆਗਾਜ਼ ਕੀਤਾ ਹੈ। ਪੰਨੂ ਨੇ ਦੋਸ਼ ਲਾਇਆ ਕਿ ਉਨ੍ਹੀ ਸੌ ਚੌਰਾਸੀ ਵਿਚ ਤੀਹ ਹਜ਼ਾਰ ਤੋਂ ਵੱਧ ਬੇਗੁਨਾਹ ਸਿੱਖਾਂ ਦਾ ਕਤਲੇਆਮ ਕਰਨ ਤਿੰਨ ਮਿਲੀਅਨ ਲੋਕਾਂ ਨੂੰ ਉਜਾੜਨ ਅਤੇ ਹਜ਼ਾਰਾਂ ਗੁਰਦੁਆਰਾ ਸਾਹਿਬਾਨ ਨੂੰ ਨਿਸ਼ਾਨਾ ਬਣਾਉਣ ਦੇ ਦੋਸ਼ੀਆਂ ਨੂੰ ਅਜੇ ਤੱਕ ਸਜ਼ਾ ਨਹੀਂ ਮਿਲੀ। ਉਨ੍ਹਾਂ ਭਾਜਪਾ ਆਗੂ ਕੇਵਲ ਢਿੱਲੋਂ ਨੂੰ ਕਾਂਗਰਸੀ ਪਿਛੋਕੜ ਵਾਲਾ ਚਿਹਰਾ ਦੱਸਦਿਆਂ ਕਿਹਾ ਕਿ ਉਹ ਰਾਜੀਵ ਗਾਂਧੀ ਅਤੇ ਜਗਦੀਸ਼ ਟਾਈਟਲਰ ਦੇ ਨਜ਼ਦੀਕੀ ਸਹਿਯੋਗੀ ਰਹੇ ਹਨ ਅਤੇ ਉਨ੍ਹੀ ਸੌ ਅਠਾਸੀ ਵਿਚ ਉਨ੍ਹਾਂ ਨੇ ਇਨ੍ਹਾਂ ਦੀ ਛਤਰ ਛਾਇਆ ਹੇਠ ਪੈਪਸੀ ਬੋਟਲਿੰਗ ਦਾ ਕਾਰੋਬਾਰ ਸ਼ੁਰੂ ਕੀਤਾ ਸੀ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਦਾ ਝੰਡਾ ਕੇਵਲ ਢਿੱਲੋਂ ਦੇ ਕਾਂਗਰਸੀ ਇਤਿਹਾਸ ਅਤੇ ਨਸਲਕੁਸ਼ੀ ਦੇ ਦੋਸ਼ੀਆਂ ਨਾਲ ਸਬੰਧਾਂ ਨੂੰ ਲੁਕਾ ਨਹੀਂ ਸਕਦਾ। ਇਸ ਵੱਡੇ ਸਿਆਸੀ ਧਮਾਕੇ ਦੌਰਾਨ ਪੰਨੂ ਨੇ ਰਾਹੁਲ ਗਾਂਧੀ ਨੂੰ ਨਸਲਕੁਸ਼ੀ ਦੇ ਦੋਸ਼ੀਆਂ ਦੀ ਔਲਾਦ ਅਤੇ ਕੇਵਲ ਢਿੱਲੋਂ ਨੂੰ ਉਨ੍ਹਾਂ ਦਾ ਜੋੜੀਦਾਰ ਗਰਦਾਨਦਿਆਂ ਕਾਂਗਰਸ ਦੇ ਪੰਜੇ ਨੂੰ ਵੱਢਣ ਅਤੇ ਭਾਜਪਾ ਦੇ ਕਮਲ ਨੂੰ ਜੜ੍ਹਾਂ ਤੋਂ ਉਖਾੜਨ ਦਾ ਸੱਦਾ ਦਿੱਤਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਪੰਨੂ ਅਨੁਸਾਰ ਪੰਜਾਬ ਦੀ ਜਵਾਨੀ ਕਿਸਾਨੀ ਅਤੇ ਨਸ਼ਿਆਂ ਦੀ ਗੰਭੀਰ ਸਮੱਸਿਆ ਦਾ ਇੱਕੋ-ਇੱਕ ਹੱਲ ਖਾਲਿਸਤਾਨ ਦਾ ਕਾਇਮ ਹੋਣਾ ਹੈ। ਉਨ੍ਹਾਂ ਕਿਹਾ ਕਿ ਕੈਲੀਫੋਰਨੀਆ ਤੋਂ ਸ਼ੁਰੂ ਹੋਈ ਇਹ ਰੈਫਰੈਂਡਮ ਮੁਹਿੰਮ ਪੂਰੀ ਦੁਨੀਆ ਵਿਚ ਵਸਦੇ ਸਿੱਖਾਂ ਨੂੰ ਇਕਜੁੱਟ ਕਰੇਗੀ ਅਤੇ ਭਾਰਤੀ ਰਾਜਨੀਤਿਕ ਨਿਜ਼ਾਮ ਦੇ ਵਿਰੁੱਧ ਆਵਾਜ਼ ਬੁਲੰਦ ਕਰੇਗੀ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਹੁਣ ਦੋਹਾਂ ਪ੍ਰਮੁੱਖ ਰਾਜਨੀਤਿਕ ਪਾਰਟੀਆਂ ਦੀਆਂ ਨੀਤੀਆਂ ਨੂੰ ਨਕਾਰ ਚੁੱਕੇ ਹਨ ਅਤੇ ਆਪਣੇ ਭਵਿੱਖ ਦਾ ਫੈਸਲਾ ਆਪ ਕਰਨ ਲਈ ਲਾਮਬੰਦ ਹੋ ਰਹੇ ਹਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦੀ ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਰਜਿ ਨੰ 85ਦੀ ਜ਼ਿਲ੍ਹਾ ਪੱਧਰੀ ਮੀਟਿੰਗ ਹੋਈ

ਨਸ਼ਾ ਮੁਕਤ ਪੰਜਾਬ ਲਈ ਕੈਮਿਸਟਾਂ ਨੂੰ ਰਿਕਾਰਡ ਮੁਕੰਮਲ ਰੱਖਣ ਅਤੇ ਡਰੱਗ ਇੰਸਪੈਕਟਰ ਨੂੰ ਸਹਿਯੋਗ ਦੇਣ ਦੀ ਅਪੀਲ



ਤਲਵੰਡੀ ਸਾਬੋ, 3 **ਨਵੰਬਰ (ਗੁਰਸੰਦ ਸਿੰਘ ਨਥੇਹਾ)**- ਦੀ ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਰਜਿ. ਨੰਬਰ 85 ਵੱਲੋਂ ਜ਼ਿਲ੍ਹਾ ਪੱਧਰੀ ਅਹਿਮ ਮੀਟਿੰਗ ਬਠਿੰਡਾ ਵਿਖੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਜੇਠੂਕੇ ਦੀ ਪ੍ਰਧਾਨਗੀ ਹੇਠ ਕਰਵਾਈ ਗਈ। ਇਸ ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦੇ ਲਗਭਗ 200 ਮੈਂਬਰਾਂ ਅਤੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਰਾਮਪੁਰਾ ਫੂਲ, ਭੁੱਚੋ ਮੰਡੀ, ਭਾਈ ਰੂਪਾ, ਗੋਨੇਆਣਾ ਅਤੇ ਤਲਵੰਡੀ ਸਾਬੋ ਸਮੇਤ ਵੱਖ-ਵੱਖ ਬਲਾਕਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ। ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਜੇਠੂਕੇ, ਜ਼ਿਲ੍ਹਾ ਮੀਤ ਪ੍ਰਧਾਨ ਅਜਾਇਬ ਸਿੰਘ ਪੂਹਲਾ, ਬਲਾਕ ਰਾਮਪੁਰਾ ਦੇ ਪ੍ਰਧਾਨ ਮਨਜਿੰਦਰ ਸ਼ਰਮਾ, ਬਲਾਕ ਤਲਵੰਡੀ ਸਾਬੋ ਦੇ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਬਲਾਕ ਭੁੱਚੋ ਮੰਡੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਕਲਿਆਣ, ਬਲਾਕ ਭਾਈ ਰੂਪਾ ਦੇ ਪ੍ਰਧਾਨ ਅਜਾਇਬ ਸਿੰਘ ਅਤੇ ਬਲਾਕ ਗੋਨੇਆਣਾ ਦੇ ਪ੍ਰਧਾਨ ਕੁਲਵਿੰਦਰ ਸਿੰਘ ਨੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਵਿਚਾਰ ਪੇਸ਼ ਕੀਤੇ।

ਚੈਕਿੰਗ ਦੇ ਨਾਮ 'ਤੇ ਕੈਮਿਸਟਾਂ ਨੂੰ ਨਾਜਾਇਜ਼ ਪ੍ਰੇਸ਼ਾਨ ਕਰਨ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ- ਦਲਜੀਤ ਸਿੰਘ ਜੇਠੂਕੇ

ਮੀਟਿੰਗ ਦਾ ਮੁੱਖ ਏਜੰਡਾ ਨਸ਼ਾ ਮੁਕਤ ਪੰਜਾਬ ਰੱਖਿਆ ਗਿਆ। ਇਸ ਮੌਕੇ ਸਮੂਹ ਕੈਮਿਸਟਾਂ ਨੂੰ ਆਪਣੇ ਮੈਡੀਕਲ ਸਟੋਰਾਂ ਦਾ ਰਿਕਾਰਡ ਨਿਯਮਾਂ ਅਨੁਸਾਰ ਮੁਕੰਮਲ ਅਤੇ ਅਪਡੇਟ ਰੱਖਣ ਦੀ ਅਪੀਲ ਕੀਤੀ ਗਈ। ਇਸ ਦੇ ਨਾਲ ਹੀ ਡਰੱਗ ਇੰਸਪੈਕਟਰ ਵੱਲੋਂ ਕੀਤੀ ਜਾਣ ਵਾਲੀ ਕਾਨੂੰਨੀ ਚੈਕਿੰਗ ਦੌਰਾਨ ਪੂਰਾ ਸਹਿਯੋਗ ਦੇਣ ਲਈ ਵੀ ਕਿਹਾ ਗਿਆ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਕੈਮਿਸਟ ਭਾਈਚਾਰਾ ਇਸ ਮੁਹਿੰਮ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ ਲਈ ਵਚਨਬੱਧ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਜੇਠੂਕੇ ਨੇ ਕਿਹਾ ਕਿ ਬਠਿੰਡਾ ਰੂਰਲ ਕੈਮਿਸਟ ਐਸੋਸੀਏਸ਼ਨ ਦੇ ਮੈਂਬਰ ਕਾਨੂੰਨ ਅਨੁਸਾਰ ਆਪਣਾ ਕਾਰੋਬਾਰ ਕਰ ਰਹੇ ਹਨ ਅਤੇ ਪਿੰਡਾਂ, ਕਸਬਿਆਂ ਤੇ ਬਸਤੀਆਂ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਚੈਕਿੰਗ ਦੇ ਨਾਮ 'ਤੇ ਕਿਸੇ ਵੀ ਕੈਮਿਸਟ ਨੂੰ ਨਾਜਾਇਜ਼ ਤੌਰ 'ਤੇ ਪ੍ਰੇਸ਼ਾਨ ਕੀਤਾ ਗਿਆ ਤਾਂ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਕਿਸੇ ਵੀ ਕੈਮਿਸਟ ਵਿਰੁੱਧ ਕਾਰਵਾਈ ਕਰਦੇ ਸਮੇਂ ਕਾਨੂੰਨੀ ਨਿਯਮਾਂ ਅਤੇ ਤੱਥਾਂ ਨੂੰ ਧਿਆਨ ਵਿੱਚ ਰੱਖਿਆ ਜਾਵੇ ਅਤੇ ਕਿਸੇ ਨੂੰ ਬੇਵਜ੍ਹਾ ਪ੍ਰੇਸ਼ਾਨ ਜਾਂ ਬਦਨਾਮ ਨਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਕੈਮਿਸਟ ਕਿੱਤੇ ਦਾ ਸਮਾਜ ਵਿੱਚ ਅਹਿਮ ਰੁਤਬਾ ਅਤੇ ਸਨਮਾਨ ਹੈ, ਜਿਸ ਨੂੰ ਬਰਕਰਾਰ ਰੱਖਣਾ ਸਾਰਿਆਂ ਦੀ ਜ਼ਿੰਮੇਵਾਰੀ ਹੈ। ਐਸੋਸੀਏਸ਼ਨ ਦੇ ਮੈਂਬਰ ਸਿਹਤ ਵਿਭਾਗ ਨਾਲ ਮਿਲ ਕੇ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਸਫ਼ਲ ਬਣਾਉਣ ਲਈ ਆਪਣਾ ਪੂਰਾ ਯੋਗਦਾਨ ਪਾ ਰਹੇ ਹਨ। ਮੀਟਿੰਗ ਦੌਰਾਨ ਸਮੂਹ ਮੈਂਬਰਾਂ ਨੇ ਇਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਐਸੋਸੀਏਸ਼ਨ ਨਸ਼ਿਆਂ ਦੇ ਖ਼ਾਤਮੇ ਲਈ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਨੂੰ ਹਰ ਸੰਭਵ ਸਹਿਯੋਗ ਦੇਵੇਗੀ। ਇਸ ਦੇ ਨਾਲ ਹੀ ਇਮਾਨਦਾਰੀ ਨਾਲ ਕੰਮ ਕਰ ਰਹੇ ਕੈਮਿਸਟਾਂ ਦੇ ਮਾਣ-ਸਨਮਾਨ ਅਤੇ ਹੱਕਾਂ ਦੀ ਰਾਖੀ ਲਈ ਵੀ ਹਮੇਸ਼ਾ ਇਕਜੁੱਟ ਹੋ ਕੇ ਖੜ੍ਹੀ ਰਹੇਗੀ। ਇਸ ਮੌਕੇ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਅਤੇ ਅਹੁਦੇਦਾਰਾਂ ਵੱਲੋਂ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੀ ਅਣਮੁੱਲੀ ਸ਼ਹਾਦਤ ਨੂੰ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਵਿੱਚ ਹਰਚਰਨ ਸਿੰਘ ਚੱਠਾ ਵਾਈਸ ਪ੍ਰਧਾਨ, ਬੂਟਾ ਸਿੰਘ ਜੀਵਨ ਸਿੰਘ ਵਾਲਾ, ਨਵਦੀਪ ਸਿੰਘ ਨਥੇਹਾ, ਗਗਨਦੀਪ ਸਿੰਘ ਸੀਂਗੋ, ਲਖਵਿੰਦਰ ਸਿੰਘ ਸੀਂਗੋ, ਅਵਤਾਰ ਸਿੰਘ ਕੌਰੇਆਣਾ, ਜੋਗਿੰਦਰ ਸਿੰਘ ਨਥੇਹਾ, ਅੰਮ੍ਰਿਤਪਾਲ ਕਲਾਲਵਾਲਾ, ਮਨਜੀਤ ਸਿੰਘ ਪੱਕਾ ਕਲਾਂ, ਬਲਵੀਰ ਸਿੰਘ ਸੀਂਗੋ, ਲਖਵਿੰਦਰ ਸਿੰਘ ਕਮਾਲੂ ਸਵੈਚ, ਹਰਮੰਦਰ ਸਿੰਘ ਕਮਾਲੂ ਸਵੈਚ, ਗੁਰਪ੍ਰੀਤ ਸਿੰਘ ਰਾਜਗੜ੍ਹ ਕੁੱਬੇ, ਕਰਨ ਸਿੰਘ ਪੱਕਾ ਕਲਾਂ, ਸੁਖਮੰਦਰ ਸਿੰਘ ਲਹਿਰੀ, ਪ੍ਰਮਜੀਤ ਸਿੰਘ ਮਾਹੀਨੰਗਲ, ਪਰਵਿੰਦਰ ਸਿੰਘ ਗਿਆਨਾ, ਅਜੀਤਪਾਲ ਸਿੰਘ ਤਿਉਣਾ, ਸੁਰਜੀਤ ਸਿੰਘ ਸੇਖੂ, ਹਰਭਗਵਾਨ ਸਿੰਘ ਕੋਟਬਖਤੂ, ਮਹਿੰਦਰ ਸਿੰਘ ਮਲਕਾਣਾ, ਸੁਖਪਾਲ ਸਿੰਘ ਬਹਿਮਣ ਜੱਸਾ, ਹੈਪੀ ਸੀਂਗੋ, ਮਨਪ੍ਰੀਤ ਸਿੰਘ ਭਗਵਾਨਗੜ੍ਹ, ਜੱਗਾ ਬੰਗੀ, ਮੰਦਰ ਫੁਲੋਖਾਰੀ, ਗੁਰਦੀਪ ਸਿੰਘ ਗਿਆਨਾ, ਪਰਮਜੀਤ ਸਿੰਘ ਚੱਠੇਵਾਲਾ, ਸ਼ਿਵਰਾਜ ਸਿੰਘ ਸੀਂਗੋ, ਗੁਰਜੋਤ ਸਿੰਘ ਗਿਆਨਾ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਮਲਕਾਣਾ, ਪ੍ਰੈਸ ਸਕੱਤਰ ਬਲਕਾਰ ਸਿੰਘ ਜੱਜਲ, ਕੈਸ਼ੀਅਰ ਵਿਜੇ ਸੇਖੂ ਅਤੇ ਬੂਟਾ ਸਿੰਘ ਬੰਗੀ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਹਠੂਰ ਸਕੂਲ ਦੇ ਤਿੰਨ ਬੱਚੇ ਸਟੇਟ ਪੱਧਰੀ ਖੇਡਾਂ ਲਈ ਚੁਣੇ ਗਏ

ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਬੱਚਿਆਂ ਅਤੇ ਸਕੂਲ ਸਟਾਫ ਨੂੰ ਦਿੱਤੀਆਂ ਮੁਬਾਰਕਾਂ



ਖੰਨਾ/ਲੁਧਿਆਣਾ (ਵਰਿਆਮ ਹਠੂਰ) ਜ਼ਿਲ੍ਹਾ ਪੱਧਰੀ ਪ੍ਰਾਇਮਰੀ ਖੇਡਾਂ ਪ੍ਰਿੰਸੀਪਲ ਨਰੇਸ਼ ਚੰਦਰ ਸਟੇਡੀਅਮ ਵਿਖੇ ਸਾਨੋ ਸ਼ੌਕਤ ਨਾਲ ਕਰਵਾਈਆਂ ਗਈਆਂ ਜਿੱਥੇ ਵੱਖ-ਵੱਖ ਥਾਵਾਂ ਤੋਂ ਬੱਚਿਆਂ ਨੇ ਖੇਡਾਂ ਵਿੱਚ ਹਿੱਸਾ ਲਿਆ ਤੇ ਅੱਛਾ ਪ੍ਰਦਰਸ਼ਨ ਕੀਤਾ, ਜੇ ਗੱਲ ਕਰੀਏ ਤੇ ਇਸੇ ਖੇਡਾਂ ਵਿੱਚ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹਠੂਰ (ਲੜਕੇ) ਦੀ ਖੋ-ਖੋ ਟੀਮ ਨੇ ਅੱਛਾ ਖੇਡ ਪ੍ਰਦਰਸ਼ਨ ਕੀਤਾ ਤੇ ਟੀਮ ਵਿੱਚੋਂ ਤਿੰਨ ਬੱਚੇ ਸਟੇਟ ਪੱਧਰੀ ਖੇਡਾਂ ਲਈ ਚੁਣੇ ਗਏ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਮਾਸਟਰ ਸ੍ਰੀ ਦੇਵ ਕ੍ਰਿਸ਼ਨ ਨੇ ਕਿਹਾ ਕਿ ਹਠੂਰ ਸਕੂਲ ਦੀ ਖੋ ਖੋ ਟੀਮ ਨੇ ਜਿੱਥੇ ਬਲਾਕ ਪੱਧਰੀ ਖੇਡਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਤੇ ਫਿਰ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਿਲ ਕਰਕੇ ਆਪਣਾ ਤੇ ਆਪਣੇ ਮਾਪਿਆਂ ਦੇ ਨਾਲ ਨਾਲ ਸਕੂਲ ਦਾ ਵੀ ਨਾਮ ਰੋਸ਼ਨ ਕੀਤਾ ਤੇ ਹਠੂਰ ਸਕੂਲ ਦੀ ਖੋ ਕੋ ਟੀਮ ਦੇ ਤਿੰਨ ਬੱਚੇ ਹੁਣ ਸਟੇਟ ਪੱਧਰੀ ਖੇਡਾਂ ਲਈ ਚੁਣੇ ਗਏ ਜਿੰਨਾ ਵਿੱਚ ਬਲਜੀਤ ਸਿੰਘ ਸੁਖਪ੍ਰੀਤ ਸਿੰਘ ਅਤੇ ਜਸ਼ਨੂਰ ਸਿੰਘ ਦੇ ਨਾਮ ਸ਼ਾਮਿਲ ਹਨ। ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹਠੂਰ (ਲੜਕੇ) ਦੇ ਹੈੱਡ ਟੀਚਰ ਸਰਦਾਰ ਬੂਟਾ ਸਿੰਘ, ਟੀਮ ਇੰਚਾਰਜ ਮੈਡਮ ਜਸਪ੍ਰੀਤ ਕੌਰ ਦੇਹੜਕਾ, ਖੋ ਖੋ ਟੀਮ ਦੇ ਕੋਚ ਮਿਸ ਵੀਰਪਾਲ ਕੌਰ ਨੇ ਬੱਚਿਆਂ ਨੂੰ ਢੇਰ ਸਾਰੀਆਂ ਮੁਬਾਰਕਾਂ ਦਿੱਤੀਆਂ ਤੇ ਇਹਨਾਂ ਦਾ ਬੱਚਿਆਂ ਨੂੰ ਅੱਗੇ ਵਧਣ ਲਈ ਥਾਪੜਾ ਤੇ ਵਿਸ਼ੇਸ਼ ਯੋਗਦਾਨ ਵੀ ਰਿਹਾ ਮੈਡਮ ਮਿਸ ਨਵਜੋਤ ਕੌਰ, ਮੈਡਮ ਵੀਰਪਾਲ ਕੌਰ ਅਤੇ ਮੈਡਮ ਪੂਨਮ ਗੋਇਲ ਨੇ ਵੀ ਬੱਚਿਆਂ ਨੂੰ ਮੁਬਾਰਕਾਂ ਦਿੰਦਿਆਂ ਕਿਹਾ ਕਿ ਸਾਡੇ ਸਕੂਲ ਦਾ ਮਿਹਨਤੀ ਸਟਾਫ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਖੇਡਾਂ ਨਾਲ ਜੋੜਨ ਦੇ ਵੀ ਯਤਨ ਕਰਦਾ ਹੈ। ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ ਹਠੂਰ ਨੇ ਵੀ ਹੋਣਹਾਰ ਬੱਚਿਆਂ ਅਤੇ ਸਮੂਹ ਸਕੂਲ ਸਟਾਫ ਨੂੰ ਮੁਬਾਰਕਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਬਠਿੰਡਾ ਪੁਲਿਸ ਦੀ ਮੁਸਤੈਦੀ ਨਾਲ ਚੋਰੀ ਹੋਈ ਐਕਟਿਵਾ ਬਰਾਮਦ



ਬਠਿੰਡਾ, 03 ਨਵੰਬਰ (ਗੁਰਜੰਟ ਸਿੰਘ ਨਥੇਹਾ)- ਡਾਇਲ 112 'ਤੇ ਸੂਚਨਾ ਮਿਲਦਿਆਂ ਹੀ ਪੀ.ਸੀ.ਆਰ. ਪਾਰਟੀ ਨੇ ਤੁਰੰਤ ਕਾਰਵਾਈ ਕਰਦਿਆਂ ਸੀ.ਸੀ.ਟੀ.ਵੀ. ਕੈਮਰਿਆਂ ਅਤੇ ਮਨੁੱਖੀ ਸੂਝਬੂਝ ਦੀ ਮਦਦ ਨਾਲ ਐਕਟਿਵਾ ਲੱਭ ਕੇ ਚੌਂਕੀ ਸਿਵਲ ਹਸਪਤਾਲ ਦੇ ਹਵਾਲੇ ਕੀਤੀ। ਬਠਿੰਡਾ ਪੁਲਿਸ ਵੱਲੋਂ ਲੋਕਾਂ ਦੀ ਸੁਰੱਖਿਆ ਅਤੇ ਜਨਤਕ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਕਰਨ ਦੀ ਆਪਣੀ ਵਚਨਬੱਧਤਾ ਤਹਿਤ ਪੀ.ਸੀ.ਆਰ ਪਾਰਟੀ ਨੇ ਮੁਸਤੈਦੀ ਦਿਖਾਉਂਦਿਆਂ ਚੋਰੀ ਹੋਈ ਐਕਟਿਵਾ ਨੂੰ ਥੋੜ੍ਹੇ ਸਮੇਂ ਵਿੱਚ ਹੀ ਬਰਾਮਦ ਕਰ ਲਿਆ। ਪ੍ਰਾਪਤ ਜਾਣਕਾਰੀ ਅਨੁਸਾਰ, ਮਿਤੀ: ਪੀ.ਸੀ.ਆਰ. ਪਾਰਟੀ ਨੂੰ ਡਾਇਲ 112 ਰਾਹੀਂ ਸੂਚਨਾ ਮਿਲੀ ਕਿ ਐੱਸ.ਬੀ.ਆਈ. ਬੈਂਕ ਨੇੜੇ, ਹਾਜੀ ਰਤਨ ਚੌਂਕ ਵਿਖੇ ਇੱਕ ਐਕਟਿਵਾ ਚੋਰੀ ਹੋਣ ਸਬੰਧੀ ਸ਼ਿਕਾਇਤ ਹੈ। ਪੀ.ਸੀ.ਆਰ. ਕਰਮਚਾਰੀਆਂ ਵੱਲੋਂ ਤੁਰੰਤ ਕਾਲਰ ਨਾਲ ਸੰਪਰਕ ਕੀਤਾ ਗਿਆ ਤਾਂ ਕਾਲਰ ਨੇ ਦੱਸਿਆ ਕਿ ਉਸਦੀ ਐਕਟਿਵਾ ਮਿਤੀ 31-10-2026 ਨੂੰ ਚੋਰੀ ਹੋ ਗਈ ਸੀ ਅਤੇ ਇਸ ਸਬੰਧੀ ਉਸ ਵੱਲੋਂ ਚੌਂਕੀ ਸਿਵਲ ਹਸਪਤਾਲ ਵਿਖੇ ਲਿਖਤੀ ਦਰਖਾਸਤ ਵੀ ਦਿੱਤੀ ਹੋਈ ਹੈ। ਪੀ.ਸੀ.ਆਰ. ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਦੀ ਜਾਂਚ ਅਤੇ ਮਨੁੱਖੀ ਸੂਝ ਬੂਝ ਦੀ ਮਦਦ ਨਾਲ ਐਕਟਿਵਾ ਨੂੰ ਥੋੜ੍ਹੇ ਸਮੇਂ ਵਿੱਚ ਹੀ ਲੱਭ ਲਿਆ ਗਿਆ ਅਤੇ ਅਗਲੀ ਕਾਨੂੰਨੀ ਕਾਰਵਾਈ ਲਈ ਚੌਂਕੀ ਸਿਵਲ ਹਸਪਤਾਲ ਦੇ ਹਵਾਲੇ ਕਰ ਦਿੱਤਾ ਗਿਆ। ਬਠਿੰਡਾ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਹਮੇਸ਼ਾ ਵਚਨਬੱਧ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਸ਼ਵ ਭਾਈ ਮਰਦਾਨਾ ਸੋਸਾਇਟੀ ਨੂੰ

ਬਾਬਾ ਅਜਮੇਰ ਸਿੰਘ ਰੱਬ ਜੀਅ ਟਰਸਟ ਵੱਲੋਂ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 03 **ਨਵੰਬਰ (ਮਨੋਹਰ ਲਾਲ)** :— ਇੰਟਰਨੈਸ਼ਨਲ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਜਗਜੀਤ ਸਿੰਘ ਭੁੱਲਰ ਅਤੇ ਸੋਸਾਇਟੀ ਦੇ ਅਹੁਦੇਦਾਰਾਂ ਨੂੰ ਬਾਬਾ ਅਜਮੇਰ ਸਿੰਘ ਰੱਬ ਯਾਦਗਾਰੀ ਟਰਸਟ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੋਸਾਇਟੀ ਦੇ ਕੈਸ਼ੀਅਰ ਹਰਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਬਾਬਾ ਅਜਮੇਰ ਸਿੰਘ ਰੱਬ ਦੀ ਬਰਸੀ ਹਰ ਸਾਲ ਮਨਾਈ ਜਾਂਦੀ ਹੈ ਜਿਸ ਵਿੱਚ ਭਾਈ ਮਰਦਾਨਾ ਸੋਸਾਇਟੀ ਨੇ ਸ਼ਿਰਕਤ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਧਾਰਮਿਕ ਪ੍ਰੋਗਰਾਮ ਵਿੱਚ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਅਤੇ ਕੀਰਤਨੀਆਂ ਨੇ ਕੀਰਤਨ ਕਰਕੇ ਸੰਗਤਾਂ ਨੂੰ ਮੰਤਰ ਮੁਗਧ ਕੀਤਾ। ਇਸ ਪ੍ਰੋਗਰਾਮ ਵਿੱਚ ਹਰ ਸਾਲ ਇੰਗਲੈਂਡ ਤੋਂ ਭਰਪੂਰ ਸਿੰਘ ਅਤੇ ਕਨੇਡਾ ਤੋਂ ਪੂਰਨ ਸਿੰਘ ਪਾਂਧੀ ਵਿਸ਼ੇਸ਼ ਤੌਰ ਤੇ ਆਉਂਦੇ ਹਨ। ਬਾਬਾ ਅਜਮੇਰ ਸਿੰਘ ਰੱਬ ਟਰਟਸ ਦੇ ਪ੍ਰਧਾਨ ਬਲਬੀਰ ਸਿੰਘ ਰਾਮੂਵਾਲੀਆ ਅਤੇ ਉਨ੍ਹਾਂ ਦੀ ਟੀਮ ਨੇ ਬਹੁਤ ਹੀ ਵਧੀਆ ਢੰਗ ਨਾਲ ਪ੍ਰੋਗਰਾਮ ਚਲਾਇਆ। ਲੰਗਰ ਦੇ ਪ੍ਰਬੰਧ ਦੀ ਸੇਵਾ ਬਲਦੇਵ ਸਿੰਘ ਮਹਿਰੋਂ ਅਤੇ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਗਈ। ਇਹ ਸਨਮਾਨ ਦੇਣ ਤੇ ਭਾਈ ਮਰਦਾਨਾ ਸੋਸਾਇਟੀ ਅਤੇ ਜਗਜੀਤ ਸਿੰਘ ਭੁੱਲਰ ਵੱਲੋਂ ਇਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਭਾਈ ਮਰਦਾਨਾ ਸੋਸਾਇਟੀ ਵੱਲੋਂ ਰਣਬੀਰ ਸਿੰਘ ਰਾਣਾ, ਪਰਮਜੀਤ ਸਿੰਘ ਔਲਖ, ਰਾਜੇਸ਼ ਕੁਮਾਰ, ਨਿਰਮਲ ਸਿੰਘ, ਬਲਦੇਵ ਸਿੰਘ ਅਤੇ ਬਲਦੇਵ ਸਿੰਘ ਮਹਿਰੋਂ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਅਕੈਡਮੀ ਜੱਬੋਵਾਲ (ਅੰਮ੍ਰਿਤਸਰ) ਵਿਖੇ

ਸਾਹਿਬ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



ਚੌਕ ਮਹਿਤਾ, 3 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਖਾਲਸਾ ਅਕੈਡਮੀ ਦੇ ਮੁਖੀ ਭਾਈ ਮਲਕੀਤ ਸਿੰਘ ਜੀ ਦੀ ਸਰਪ੍ਰਸਤੀ ਹੇਠ ਯੂਅਰ ਸੇਵਾ ਸੰਸਥਾ ਯੂ.ਕੇ. ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰੇ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ ਵਿਖੇ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਮਨਾਇਆ ਗਿਆ ਇਨਾਂ ਸਮਾਗਮਾਂ ਦੀ ਉਚੇਚੇ ਤੌਰ ਤੇ ਤਿਆਰੀ ਅਕੈਡਮੀ ਦੇ ਵਿਦਿਆਰਥੀਆਂ, ਅਧਿਆਪਕ ਸਾਹਿਬਾਨ ਅਤੇ ਮੈਨੇਜਮੈਂਟ ਕਮੇਟੀ ਵੱਲੋਂ ਸੇਵਾ ਭਾਵਨਾ ਨਾਲ ਕੀਤੀ ਗਈ ! ਜਿਸ ਵਿੱਚ ਪ੍ਰਕਾਸ ਪੁਰਬ ਨੂੰ ਸਮਰਪਿਤ ਅੰਮ੍ਰਿਤ ਵੇਲੇ ਦੇ ਜਾਪ ਉਪਰੰਤ ਉਸਤਾਦ ਭਾਈ ਬੂਟਾ ਸਿੰਘ, ਉਹਨਾਂ ਦੇ ਸਾਥੀ ਨਿਸ਼ਾਨ ਸਿੰਘ, ਵਿਦਿਆਰਥੀ ਗੁਰਮੁਖ ਸਿੰਘ, ਹਰਜੋਤ ਸਿੰਘ, ਮਨਜੋਤ ਸਿੰਘ, ਹਰਗੁਣ ਸਿੰਘ, ਜਸਨਦੀਪ ਸਿੰਘ, ਸੁਖਪ੍ਰੀਤ ਸਿੰਘ, ਏਕਮਜੋਤ ਸਿੰਘ ਅਤੇ ਵਿਦਿਆਰਥਣਾਂ ਸੁਮਨਦੀਪ ਕੌਰ, ਨਵਦੀਪ ਕੌਰ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ।ਭਾਈ ਤੇਜਬੀਰ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ । ਇਸ ਮੌਕੇ ਅਕੈਡਮੀ ਦੇ ਮੁੱਖ ਸੰਚਾਲਕ ਭਾਈ ਮਲਕੀਤ ਸਿੰਘ ਜੀ ਨੇ ਸਰਬੱਤ ਸੰਗਤਾਂ ਨੂੰ ਗੁਰਬਾਣੀ ਨਾਲ ਪਿਆਰ ਤੇ ਸਤਿਕਾਰ ਬਾਰੇ ਦੱਸਿਆ ।ਸਮਾਗਮ ਦੇ ਅਖੀਰ ਵਿੱਚ ਭਾਈ ਤੇਜਬੀਰ ਸਿੰਘ ਅਤੇ ਪ੍ਰਿੰਸੀਪਲ ਸਰਬਜੀਤ ਸਿੰਘ ਨੇ ਵੀ ਕੀਰਤਨ ਦੀ ਹਾਜ਼ਰੀ ਭਰੀ ਅਤੇ ਅਕੈਡਮੀ ਦੇ ਉੱਜਲੇ ਭਵਿੱਖ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।

ਪਿੰਡ ਮਾਛੀਵਾੜਾ ਵਿਖੇ ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ

ਆਗਮਨ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ







ਫ਼ਿਰੋਜ਼ਪੁਰ, 03 ਨਵੰਬਰ (ਮਨੋਹਰ ਲਾਲ) :— ਜ਼ਿਲ੍ਹੇ ਦੇ ਪਿੰਡ ਮਾਛੀਵਾੜਾ (ਨੇੜੇ ਜੈਸਨ ਪੈਟਰੋਲ ਪੰਪ) ਵਿਖੇ ਧੰਨ–ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦਾ ਆਗਮਨ ਪ੍ਰਕਾਸ਼ ਪੁਰਬ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ 31 ਅਕਤੂਬਰ ਤੋਂ 2 ਨਵੰਬਰ ਤੱਕ 3 ਦਿਨਾਂ ਧਾਰਮਿਕ ਸਮਾਗਮ ਬਹੁਤ ਹੀ ਸ਼ਰਧਾ, ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਇਲਾਕੇ ਭਰ ਵਿੱਚ ਧਾਰਮਿਕ ਮਾਹੌਲ ਦੇਖਣ ਨੂੰ ਮਿਲਿਆ ਅਤੇ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਪ੍ਰਤੀ ਆਪਣੀ ਅਥਾਹ ਸ਼ਰਧਾ ਪ੍ਰਗਟ ਕੀਤੀ। ਇਸ ਤਿੰਨ ਰੋਜ਼ਾ ਸਮਾਗਮ ਦੀ ਸ਼ੁਰੂਆਤ 31 ਅਕਤੂਬਰ 2026 ਨੂੰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ, ਇਸ ਉਪਰੰਤ ਰੋਜ਼ਾਨਾ ਵਿਸ਼ੇਸ਼ ਗੁਰਮਤਿ ਸਮਾਗਮ ਅਤੇ ਦੀਵਾਨ ਸਜਾਏ ਗਏ, ਜਿਨ੍ਹਾਂ ਵਿੱਚ ਪੰਥ ਦੇ ਮਹਾਨ ਰਾਗੀ, ਢਾਡੀ, ਪ੍ਰਚਾਰਕ ਅਤੇ ਗੁਰੂ ਜਸ ਗਾਇਨ ਕਰਨ ਵਾਲੇ ਜਥਿਆਂ ਨੇ ਸੰਗਤਾਂ ਨੂੰ ਗੁਰੂ ਕੀ ਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਿਆ।ਸਮਾਗਮ ਦੌਰਾਨ ਭਾਈ ਸੁਖਦੇਵ ਸਿੰਘ ਆਜ਼ਾਦ, ਕਥਾਵਾਚਕ ਭਾਈ ਹਰਪ੍ਰੀਤ ਸਿੰਘ ਵੇਂਡਕਾ (ਅੰਮ੍ਰਿਤਸਰ) ਅਤੇ ਢਾਡੀ ਜਥਾ ਭਾਈ ਮੇਜਰ ਸਿੰਘ ਖਾਲਸਾ (ਸੁਲਤਾਨਪੁਰ ਲੋਧੀ ਵਾਲੇ) ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਣ ਕਰਵਾਇਆ।ਸਮਾਗਮ ਦੇ ਦੂਜੇ ਦਿਨ ਸਵੇਰੇ ਸੱਚੀ ਪਾਤਸ਼ਾਹ ਮਹਾਨ ਨਾਮਸਿਮਰਨ ਅਭਿਆਸ ਵੀ ਕਰਵਾਇਆ ਗਿਆ। ਮਿਤੀ 2 ਨਵੰਬਰ 2026 ਨੂੰ ਸਵੇਰੇ 8:30 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਤੋਂ ਬਾਅਦ ਸਵੇਰੇ 9 ਤੋਂ 11:30 ਵਜੇ ਤੱਕ ਵਿਸ਼ੇਸ਼ ਗੁਰਮਤਿ ਸਮਾਗਮ ਸਜਾਇਆ ਗਿਆ। ਇਸ ਮੌਕੇ ਸਵੇਰੇ 11:30 ਵਜੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿੱਚ ਭਾਈ ਸੁਖਦੇਵ ਸਿੰਘ ਆਜ਼ਾਦ ਅਤੇ ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ ਨੇ ਹਾਜ਼ਰੀ ਭਰੀ। ਸਮਾਪਤੀ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਗਿਆਨੀ ਪ੍ਰੇਮ ਸਿੰਘ (ਹੈਡ ਗ੍ਰੰਥੀ ਅਰਦਾਸੀਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ) ਨੇ ਕੀਤੀ, ਜਦੋਂ ਕਿ ਸਟੇਜ ਸੈਕਟਰੀ ਦੀ ਸੇਵਾ ਭਾਈ ਬਲਵਿੰਦਰ ਸਿੰਘ ਖਾਲਸਾ (ਸਿੱਖ ਪ੍ਰਚਾਰਕ) ਨੇ ਬਾਖੂਬੀ ਨਿਭਾਈ। ਸਮਾਗਮ ਦੌਰਾਨ ਤਿੰਨੇ ਦਿਨ ਗੁਰੂ ਕਾ ਲੰਗਰ ਅਤੁੱਟ ਵਰਤਿਆ। ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀ ਸਮੂਹ ਸਾਧ ਸੰਗਤ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਨੇ ਇਸ ਪਵਿੱਤਰ ਸਮਾਗਮ ਵਿੱਚ ਪਹੁੰਚ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਅਤੇ ਆਸ਼ੀਸ਼ਾਂ ਪ੍ਰਾਪਤ ਕੀਤੀਆਂ। ਇਸ ਮੌਕੇ ਤੇ ਜਥੇਦਾਰ ਬਾਬਾ ਬਲਕਾਰ ਸਿੰਘ ਇਲਮੇਵਾਲਾ, ਸੰਤ ਬਾਬਾ ਪਿਆਰਾ ਸਿੰਘ, ਬਾਬਾ ਸਤਨਾਮ ਸਿੰਘ ਵੱਲੀਆ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤ ਮਹਾਂਪੁਰਸ਼ਾਂ ਨੇ ਹਾਜ਼ਰੀ ਭਰੀ। ਆਖਿਰ ਵਿੱਚ ਪਿੰਡ ਮਾਛੀਵਾੜਾ ਪ੍ਰਬੰਧਕ ਕਮੇਟੀ ਨੇ ਆਏ ਹੋਏ ਸੰਤਾਂ ਮਹਾਂਪੁਰਖਾਂ ਅਤੇ ਦੂਰ ਨੇੜਿਓਂ ਆਈ ਸੰਗਤ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ ਅਤੇ ਇਸ ਮੌਕੇ ਤੇ ਉਹਨਾਂ ਸੰਤਾਂ ਮਹਾਂਪੁਰਖਾਂ ਨੂੰ ਸਨਮਾਨਿਤ ਵੀ ਕੀਤਾ।

84 ਦੰਗਿਆਂ ਦੇ ਮੁੱਖ ਦੋਸ਼ੀ ਗਾਂਧੀ ਪਰਿਵਾਰ ਨੂੰ ਪੰਜਾਬ ਦੇ ਲੋਕ ਕਦੇ ਵੀ ਮਾਫ ਨਹੀਂ ਕਰਨਗੇ; ਭੁਪੇਸ਼ ਜਿੰਦਲ



ਧੂਰੀ (ਰਣਜੀਤ ਸਿੰਘ ਪੇਧਨੀ) 1984 ਦੰਗਿਆਂ ਦੇ ਮੁੱਖ ਦੋਸ਼ੀ ਗਾਂਧੀ ਪਰਿਵਾਰ ਦੇ ਫਰਜੰਦ ਰਾਹੁਲ ਗਾਂਧੀ ਵੱਲੋਂ ਪੰਜਾਬ ਦੌਰਾ ਕੀਤਾ ਜਾ ਰਿਹਾ ਹੈ, ਜਿਸ ਨੂੰ ਲੈ ਕੇ ਪੰਜਾਬ ਦੇ ਸਿੱਖ ਜਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪੰਜਾਬ ਦੇ ਲੋਕ ਕਦੇ ਵੀ 84 ਨੂੰ ਭੁੱਲ ਨਹੀਂ ਸਕਦੇ ਅਤੇ ਨਾ ਹੀ ਕਦੇ ਗਾਂਧੀ ਪਰਿਵਾਰ ਨੂੰ ਮਾਫ ਕਰ ਸਕਦੇ ਹਨ। ਰਾਹੁਲ ਗਾਂਧੀ ਵਾਰ ਵਾਰ ਪੰਜਾਬ ਚ ਆ ਕੇ ਸਿੱਖਾਂ ਦੇ ਜਖਮਾਂ ਤੇ ਲੂਣ ਸਿੜਕਣ ਦਾ ਕੰਮ ਕਰਦੇ ਹਨ।ਪੰਜਾਬ ਦੇ ਲੋਕ ਇਹਨਾਂ ਦੀਆਂ ਹਰਕਤਾਂ ਤੋਂ ਭਲੀਭਾਂਤ ਜਾਣੂ ਹਨ , ਲੋਕ ਇਹਨਾਂ ਨੂੰ ਕਦੇ ਵੀ ਮੂੰਹ ਨਹੀਂ ਲਾਉਣਗੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਭੁਪੇਸ਼ ਜਿੰਦਲ ਪ੍ਰਮੁੱਖ ਦਾਅਵੇਦਾਰ ਭਾਰਤੀ ਜਨਤਾ ਪਾਰਟੀ ਹਲਕਾ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ ਲਈ ਸਾਰੀਆਂ ਸਿਆਸੀ ਪਾਰਟੀਆਂ ਨੇ ਅੱਡੀ ਚੋਟੀ ਦਾ ਜ਼ੋਰ ਲਗਾਉਣਾ ਸ਼ੁਰੂ ਕਰ ਦਿੱਤਾ ਹੈ ਅਤੇ ਭਾਰਤੀ ਜਨਤਾ ਪਾਰਟੀ ਬਹੁਤ ਵਿਉਂਤ ਬੰਦੀ ਨਾਲ ਇਨ੍ਹਾਂ ਚੋਣਾਂ ਨੂੰ ਜਿੱਤਣ ਲਈ ਲੜਾਈ ਲੜੇਗੀ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਵਿੱਚ ਸਰਕਾਰ ਬਣਾਏਗੀ।

ਸ. ਬਲਵੀਰ ਸਿੰਘ (ਲੈਕਚਰਾਰ ਪੰਜਾਬੀ) 29 ਸਾਲਾਂ ਦੀ ਬੇਦਾਗ ਸੇਵਾਵਾਂ ਤੋਂ ਬਾਅਦ ਸੇਵਾ ਮੁਕਤ



ਤਲਵੰਡੀ ਸਾਬੋ, 3 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਦੇ ਪ੍ਰਸਿੱਧ ਅਧਿਆਪਕ ਅਤੇ ਲੈਕਚਰਾਰ ਸ. ਬਲਵੀਰ ਸਿੰਘ, ਜਿਨ੍ਹਾਂ ਦਾ ਜਨਮ 05-10-1968 ਨੂੰ ਪਿੰਡ ਜੌੜਕੀਆਂ ਵਿਖੇ ਪਿਤਾ ਸ. ਰੂਪ ਸਿੰਘ ਅਤੇ ਮਾਤਾ ਤੇਜ ਕੌਰ ਦੇ ਘਰ ਹੋਇਆ ਸੀ, ਆਪਣੀ ਸਿੱਖਿਆ ਦੇ ਖੇਤਰ ਵਿੱਚ 29 ਸਾਲ, 08 ਮਹੀਨੇ ਅਤੇ 18 ਦਿਨ ਦੀਆਂ ਬੇਦਾਗ ਸੇਵਾਵਾਂ ਪੂਰੀਆਂ ਕਰਨ ਉਪਰੰਤ ਮਿਤੀ 31-10-2026 ਨੂੰ ਸੇਵਾ ਮੁਕਤ ਹੋ ਗਏ ਹਨ। ਸ. ਬਲਵੀਰ ਸਿੰਘ ਨੇ ਆਪਣੀ ਮੁੱਢਲੀ ਪੜ੍ਹਾਈ ਪਿੰਡ ਜੌੜਕੀਆਂ ਅਤੇ ਮਾਨਸਾ ਬੀ.ਈ. ਤੋਂ ਕੀਤੀ। ਇਸ ਤੋਂ ਬਾਅਦ ਸਰਕਾਰੀ ਰਾਜਿੰਦਰਾ ਕਾਲਜ ਬਠਿੰਡਾ, ਐੱਮ.ਈ.ਗੀਜਨਲ ਸੈਂਟਰ ਬਠਿੰਡਾ ਅਤੇ ਬੀ.ਐੱਡ. ਖਾਲਸਾ ਐਜੂਕੇਸ਼ਨ ਕਾਲਜ ਮੁਕਤਸਰ ਤੋਂ ਪੜ੍ਹਾਈ ਪੂਰੀ ਕੀਤੀ।ਉਨ੍ਹਾਂ ਨੇ ਆਪਣੇ ਅਧਿਆਪਕ ਜੀਵਨ ਦੀ ਸ਼ੁਰੂਆਤ 14-02-1997 ਨੂੰ ਸ.ਮਿ.ਸ.ਗੋਲੇਵਾਲਾ ਵਿਖੇ ਪੰਜਾਬੀ ਮਾਸਟਰ ਵਜੋਂ ਕੀਤੀ ਅਤੇ ਲੰਬਾ ਸਮਾਂ ਵੱਖ-ਵੱਖ ਸਕੂਲਾਂ (ਜਿਵੇਂ ਕਿ ਸ.ਮਿ.ਸ.ਗਹਿਰੀ ਬਾਰਾਂ ਸਿੰਘ, ਸ.ਸ.ਸ.ਕੋਠੇ ਚੇਤ ਸਿੰਘ ਅਤੇ ਆਖ਼ਰ ਵਿੱਚ ਸ.ਸ.ਸ.ਕੋਟ ਭਾਰਾ) ਵਿੱਚ ਸੇਵਾਵਾਂ ਨਿਭਾਈਆਂ। ਮਿਤੀ 03-08-2022 ਨੂੰ ਉਹ ਪੰਜਾਬੀ ਪ੍ਰੋਮੋਸ਼ਨ ਹੋਣ ਉਪਰੰਤ ਲੈਕਚਰਾਰ ਪੰਜਾਬੀ ਵਜੋਂ ਸੇਵਾ ਨਿਭਾ ਰਹੇ ਸਨ। ਉਨ੍ਹਾਂ ਦਾ ਵਿਆਹ ਮਿਤੀ 28-07-1996 ਨੂੰ ਸ੍ਰੀ ਪਦਮਾ ਗੁਪਤਾ ਪੁੱਤਰੀ ਸ੍ਰ. ਰਾਮ ਜੀ ਦਾਸ ਵਾਸੀ ਬਠਿੰਡਾ ਨਾਲ ਹੋਇਆ। ਉਨ੍ਹਾਂ ਦੇ ਪਰਿਵਾਰ ਵਿੱਚ ਇੱਕ ਬੇਟੀ ਪਲਕਦੀਪ (ਜੋ ਕਿ ਮੈਡੀਕਲ ਅਫ਼ਸਰ ਵਜੋਂ ਸੇਵਾ ਨਿਭਾ ਰਹੇ ਹਨ ਅਤੇ ਉਨ੍ਹਾਂ ਦੇ ਪਤੀ ਡਾ: ਹਿਮਾਨਪ੍ਰੀਤ ਵੀ ਮੈਡੀਕਲ ਅਫ਼ਸਰ ਹਨ) ਅਤੇ ਇੱਕ ਬੇਟਾ ਅਨਮੋਲਦੀਪ ਸਿੰਘ (ਜੋ ਪੰਜਾਬ ਇੰਜੀਨੀਅਰਿੰਗ ਕਾਲਜ ਚੰਡੀਗੜ੍ਹ ਤੋਂ ਇੰਜੀਨੀਅਰਿੰਗ ਦੀ ਪੜ੍ਹਾਈ ਕਰ ਰਹੇ ਹਨ) ਹਨ। ਇੰਚਾਰਜ ਪ੍ਰਿੰਸੀਪਲ ਅਤੇ ਸਮੂਹ ਸਟਾਫ਼ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟਭਾਰਾ (ਬਠਿੰਡਾ) ਵੱਲੋਂ ਸ.ਬਲਵੀਰ ਸਿੰਘ ਦੇ ਉੱਜਵਲ ਭਵਿੱਖ, ਚੰਗੀ ਸਿਹਤ ਅਤੇ ਲੰਬੀ ਉਮਰ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ ਗਈਆਂ ਹਨ।

ਓਰੀਐਂਟਲ ਇੰਸ਼ੋਰੈਂਸ ਕੰਪਨੀ ਨੇ ਮਨਾਇਆ ਵਿਜੀਲੈਂਸ ਜਾਗਰੂਕਤਾ ਹਫਤਾ



ਫ਼ਿਰੋਜ਼ਪੁਰ, 03 ਨਵੰਬਰ (ਮਨੋਹਰ ਲਾਲ) :— ਓਰੀਐਂਟਲ ਇੰਸ਼ੋਰੈਂਸ ਕੰਪਨੀ ਵੱਲੋਂ ਵਿਜੀਲੈਂਸ ਜਾਗਰੂਕਤਾ ਹਫਤਾ ਮਨਾਉਂਦਿਆਂ ਕਰਵਾਏ ਗਏ ਸੈਮੀਨਾਰ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 27 ਅਕਤੂਬਰ ਤੋਂ 2 ਨਵੰਬਰ ਤੱਕ ਲਗਾਏ ਗਏ ਵਿਜੀਲੈਂਸ ਜਾਗਰੂਕਤਾ ਕੈਂਪ ਦੌਰਾਨ ਸਰਕਾਰੀ ਹਾਈ ਸਕੂਲ ਪਿੰਡ ਖੁਸ਼ਹਾਲ ਸਿੰਘ ਵਾਲਾ ਵਿਖੇ ਪਹੁੰਚ ਕੇ ਸਕੂਲੀ ਬੱਚਿਆਂ, ਉਨ੍ਹਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੋਂ ਜਾਣੂ ਕਰਵਾਉਂਦੇ ਹੋਏ ਸਮਾਜ ਦੀ ਤਰੱਕੀ ਖੁਸ਼ਹਾਲੀ ਲਈ ਆਪਣਾ ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ ਤਾਂ ਜੋ ਸਮਾਜ ਵਿਚੋਂ ਸਮਾਜਿਕ ਲਾਹਨਤਾਂ ਦਾ ਖਾਤਮਾ ਕੀਤਾ ਜਾ ਸਕੇ। ਸਰਕਾਰੀ ਹਾਈ ਸਕੂਲ ਪਿੰਡ ਖੁਸ਼ਹਾਲ ਸਿੰਘ ਵਾਲਾ ਵਿਖੇ ਮੰਡਲ ਦਫਤਰ ਦੇ ਮੁੱਖ ਪ੍ਰਬੰਧਕ ਸ੍ਰੀਮਤੀ ਸੁਨੀਤਾ ਅਗਰਵਾਲ ਅਤੇ ਮਾਰਕੀਟਿੰਗ ਟੀਮ ਦੇ ਮੈਂਬਰਾ ਸ੍ਰੀ ਲਲਿਤ ਤਰੇਹਨ, ਅਜੈ ਬਾਜ ਅਤੇ ਸਤੀਸ਼ ਸ਼ਰਮਾ ਨੇ ਸ਼ਿਰਕਤ ਕੀਤੀ। ਪ੍ਰਬੰਧਕਾਂ ਨੇ ਦੱਸਿਆ ਕਿ ਇਸ ਕੈਂਪ ਵਿਚ 156 ਵਿਦਿਆਰਥੀਆਂ ਤੇ 12 ਅਧਿਆਪਕਾਂ ਨੇ ਹਰ ਕੰਮ ਵਿਚ ਇਮਾਨਦਾਰੀ ਰੱਖਣ ਦੀ ਸਹੁੰ ਚੁੱਕੀ। ਸਕੂਲ ਦੇ ਵਿਦਿਆਰਥੀਆਂ ਨੇ ਵੱਖ–ਵੱਖ ਮੁਕਾਬਲਿਆਂ ਵਿਚ ਹਿੱਸਾ ਲਿਆ ਅਤੇ ਜੇਤੂ ਵਿਦਿਆਰਥੀਆਂ ਨੂੰ ਓਰੀਐਂਟਲ ਇੰਸ਼ੋਰੈਂਸ ਕੰਪਨੀ ਦੇ ਪ੍ਰਬੰਧਕ ਸ੍ਰੀਮਤੀ ਸੁਨੀਤਾ ਅਗਰਵਾਲ ਵੱਲੋਂ ਇਨਾਮ ਵੰਡੇ ਗਏ ਅਤੇ ਬਾਕੀ ਵਿਦਿਆਰਥੀਆਂ ਨੂੰ ਸਟੇਸ਼ਨਰੀ ਅਤੇ ਖਾਣ–ਪੀਣ ਦਾ ਸਮਾਨ ਦੇ ਕੇ ਸਨਮਾਨਿਤ ਕੀਤਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਵਿਖੇ

ਕਰਵਾਏ ਧਾਰਮਿਕ ਸਮਾਗਮ







ਫ਼ਿਰੋਜ਼ਪੁਰ, 03 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਿਖੇ ਧੰਨ—ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਰੱਖੇ ਗਏ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਸਿੱਖ ਪੰਥ ਦੇ ਮਹਾਨ ਰਾਗੀ ਕਥਾਵਾਚਕ ਜਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਗਿਆਨੀ ਬਲਬੀਰ ਸਿੰਘ ਯੂ.ਕੇ ਦਮਦਮੀ ਟਕਸਾਲ ਬਾਬਾ ਹਰਭਜਨ ਸਿੰਘ ਕਾਰ ਸੇਵਾ ਜੰਡ ਸਾਹਿਬ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਬਾਬਾ ਸਤਨਾਮ ਸਿੰਘ ਵੱਲੀਆ, ਬਾਬਾ ਜੋਰਾ ਸਿੰਘ ਤਲਵੰਡੀ ਭਾਈ, ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, ਭਾਈ ਬਲਕਾਰ ਸਿੰਘ ਇਲਮੇਵਾਲਾ, ਭਾਈ ਸੰਤੋਖ ਸਿੰਘ, ਭਾਈ ਪਿੱਪਲ ਸਿੰਘ ਕਲਗੀਧਰ ਅੰਮ੍ਰਿਤ ਸੰਚਾਰ ਜਥਾ ਰਾਗੀ ਸਹਿਜਪਾਲ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਰੱਤਾ ਖੇੜਾ ਸੰਗਰੂਰ, ਭਾਈ ਸਰਬਜੀਤ ਸਿੰਘ ਯੂ.ਐਸ.ਏ ਬਾਬਾ ਪ੍ਰਤਾਪ ਸਿੰਘ ਬੰਡਾਲਾ, ਰਾਗੀ ਅਜਾਇਬ ਸਿੰਘ ਫਤਿਹਗੜ੍ਹ ਪੰਜਤੂਰ, ਗਿਆਨੀ ਗੁਰਸਰਨ ਸਿੰਘ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਬਲੂਰ ਸਟੇਜ ਦੀ ਸੇਵਾ ਨਿਭਾਈ ਭਾਈ ਅਮਰੀਕ ਸਿੰਘ ਫਿਰੋਜ਼ਪੁਰ, ਜਥੇਦਾਰ ਹਰਜੀਤ ਸਿੰਘ ਮਹਿਮਾ, ਬਾਬਾ ਗੁਰਦੀਪ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਮਹਾਨ ਸਖਸ਼ੀਅਤਾਂ ਹਾਜ਼ਰ ਸਨ। ਇਨ੍ਹਾਂ ਸਮਾਗਮਾਂ ਦੌਰਾਨ ਭਾਈ ਉਡੀਕ ਸਿੰਘ ਗ੍ਰੰਥੀ ਗੁਰਦੁਆਰਾ ਜਾਮਨੀ ਸਾਹਿਬ, ਭਾਈ ਜਸਮੇਲ ਸਿੰਘ ਗੁਰਮਤਿ ਵਿਦਿਆਲਾ ਹਕੂਮਤ ਸਿੰਘ ਵਾਲਾ ਨੇ ਸੰਗਤਾਂ ਨੂੰ ਗੁਰਬਾਣੀ ਦਾ ਸਰਵਣ ਕਰਨ ਦੀ ਅਪੀਲ ਕੀਤੀ। ਆਖਿਰ ਵਿੱਚ ਗੁਰਦੁਆਰਾ ਗੁਰੂ ਨਾਨਕ ਪੁਰੀ ਗੁਰਮਤਿ ਵਿਦਿਆਲਾ ਦੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਸੁਖਦੇਵ ਸਿੰਘ ਬੁੱਕਣ ਖਾਂ ਵਾਲਾ ਨੇ ਸਮੂਹ ਆਏ ਹੋਏ ਸੰਤਾਂ ਮਹਾਪੁਰਖਾਂ ਦਾ ਦਿਲ ਦੀਆਂ ਗਹਿਰਾਈਆਂ ਨਾਲ ਧੰਨਵਾਦ ਕੀਤਾ ਜਿਨਾਂ ਨੇ ਸਾਡੇ ਇੱਕ ਸੱਦੇ ਤੇ ਦੂਰ—ਦੂਰ ਤੋਂ ਆ ਕੇ ਗੁਰੂ ਘਰ ਵਿੱਚ ਹਾਜਰੀ ਭਰੀ। ਇਸ ਤੋਂ ਇਲਾਵਾ ਦੂਰੋਂ ਨੇੜਿਓਂ ਆਈਆਂ ਸੰਗਤਾਂ ਨੂੰ ਵੀ ਜੀ ਆਇਆ ਆਖਿਆ। ਇਸ ਮੌਕੇ ਤੇ ਭਾਈ ਗੁਰਦੀਪ ਸਿੰਘ ਬੁੱਕਣ ਖਾਂ ਵਾਲਿਆਂ ਨੇ ਤਨ ਮਨ ਧਨ ਨਾਲ ਸੇਵਾ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਜੰਡਿਆਲਾ ਗੁਰੂ ਦੇ ਵਾਰਡ ਨੰਬਰ 1 ਤੋਂ 85ਵੀਂ ਤੀਰਥ ਯਾਤਰਾ ਬੱਸ ਰਵਾਨਾ

ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਕਰਵਾਏ ਜਾਣਗੇ ਦਰਸ਼ਨ

ਜੰਡਿਆਲਾ ਗੁਰੂ, 3 ਨਵੰਬਰ (ਕੁਲਵੰਤ ਸਿੰਘ ਵਿਰਦੀ) - ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਜੰਡਿਆਲਾ ਗੁਰੂ ਤੋਂ ਤੀਰਥ ਯਾਤਰਾ ਬੱਸ ਜਾਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਜੰਡਿਆਲਾ ਗੁਰੂ ਦੇ ਵਾਰਡ ਨੰਬਰ 1 ਤੋਂ ਹਲਕੇ ਦੀ 85ਵੀਂ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਬੱਸ ਰਾਹੀਂ ਸੰਗਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਧਾਮ ਦੇ ਦਰਸ਼ਨ ਕਰੇਗੀ ਸੰਗਤ ਨੂੰ ਰਵਾਨਾ ਕਰਨ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਚਲਾਈ ਜਾ ਰਹੀ ਹੈ, ਜਿਸ ਤਹਿਤ ਸੂਬਾ ਵਾਸੀਆਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਮੁਫ਼ਤ ਦਰਸ਼ਨ ਕਰਵਾਏ ਜਾ ਰਹੇ ਹਨ ਉਨ੍ਹਾਂ ਕਿਹਾ ਕਿ ਇਹ ਯਾਤਰਾ ਪੂਰੀ ਤਰ੍ਹਾਂ ਮੁਫ਼ਤ ਹੈ। ਯਾਤਰੀਆਂ ਨੂੰ ਧਾਰਮਿਕ ਸਥਾਨਾਂ ਤੱਕ ਲਿਜਾਣ ਅਤੇ ਵਾਪਸ ਲਿਆਉਣ ਤੋਂ ਇਲਾਵਾ ਯਾਤਰਾ ਦੌਰਾਨ ਰਹਿਣ-ਸਹਿਣ ਸਮੇਤ ਲੋੜੀਂਦੇ ਪ੍ਰਬੰਧ ਵੀ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਹਨ, ਤਾਂ ਜੋ ਹਰ ਵਰਗ ਦੇ ਲੋਕ ਬਿਨਾਂ ਕਿਸੇ ਆਰਥਿਕ ਬੋਝ ਦੇ ਆਪਣੀ ਧਾਰਮਿਕ ਆਸਥਾ ਅਨੁਸਾਰ ਤੀਰਥ ਅਸਥਾਨਾਂ ਦੇ ਦਰਸ਼ਨ ਕਰ ਸਕਣ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਧਾਨ ਸਭਾ ਹਲਕਾ ਜਡਿਆਲਾ ਗੁਰੂ ਦੀ ਸੰਗਤ ਨੂੰ ਭਰਪੂਰ ਲਾਭ ਮਿਲ ਰਿਹਾ ਹੈ ਅਤੇ ਅੱਜ ਹਲਕੇ ਵਿੱਚੋਂ 85ਵੀਂ ਤੀਰਥ ਯਾਤਰਾ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬਾ ਵਾਸੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ। ਤੀਰਥ ਯਾਤਰਾ ਕਰਨ ਵਾਲੇ ਯਾਤਰੂਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਹੈ।

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੀ ਸੰਗਤ ਨੂੰ ਮਿਲ ਰਿਹਾ ਭਰਪੂਰ ਫਾਇਦਾ - ਹਰਭਜਨ ਸਿੰਘ ਈ.ਟੀ.ਓ

ਆਵਾਜ਼ਿ ਕੌਮ AWAZE QAUM International Newspaper & WEB TV



ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਪੰਜਾਬ ਦੀ ਅਹਿਮ ਮੀਟਿੰਗ—ਸੁਖਮਿੰਦਰ ਸਿੰਘ ਜੱਬਲ ਬਣੇ ਕਾਰਜਕਾਰਨੀ ਪੰਜਾਬ ਪ੍ਰਧਾਨ



ਫ਼ਿਰੋਜ਼ਪੁਰ, 03 ਨਵੰਬਰ (ਮਨੋਹਰ ਲਾਲ) :— ਪੰਜਾਬ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ (ਰਜਿ: 140) ਪੰਜਾਬ ਦੇ ਐਗਜੈਕਟੀਵ ਮੈਂਬਰਾਂ ਦੀ ਵਿਸ਼ੇਸ਼ ਅਤੇ ਅਹਿਮ ਮੀਟਿੰਗ ਸੁਰਜੀਤ ਸਿੰਘ ਦੜਿਆਲਾ ਜਥੇਬੰਦਕ ਸਕੱਤਰ ਪੰਜਾਬ ਦੇ ਦਫ਼ਤਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਸੋਸਾਇਟੀ ਦੀਆਂ ਗਤੀਵਿਧੀਆਂ ਅਤੇ ਭਵਿੱਖੀ ਦੀਆਂ ਵਿਉਂਤਬੰਦੀਆ ਬਾਰੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਆਪਣੇ ਨਿੱਜੀ ਕਾਰਜਾਂ ਲਈ ਵਿਦੇਸ਼ ਦੌਰੇ ਤੇ ਜਾ ਰਹੇ ਹਨ ਅਤੇ ਪੰਜਾਬ ਪ੍ਰਧਾਨ ਦੀ ਗੈਰ ਹਾਜ਼ਰੀ ਦੌਰਾਨ ਸੋਸਾਇਟੀ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਐਗਜੈਕਟੀਵ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਸੁਖਮਿੰਦਰ ਸਿੰਘ ਜੱਬਲ ਨੂੰ ਕਾਰਜਕਾਰਨੀ ਪੰਜਾਬ ਪ੍ਰਧਾਨ ਨਿਯੁਕਤ ਕਰਨ ਦਾ ਫ਼ੈਸਲਾ ਲਿਆ ਗਿਆ। ਇਸ ਮੌਕੇ ਸੋਸਾਇਟੀ ਦੇ ਅਹੁਦੇਦਾਰਾਂ ਅਤੇ ਐਗਜੈਕਟੀਵ ਮੈਂਬਰਾ ਵੱਲੋਂ ਸੁਖਮਿੰਦਰ ਸਿੰਘ ਜੱਬਲ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਉ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਵੀਂ ਜ਼ਿਮੇਵਾਰੀ ਦੀਆਂ ਵਧਾਈਆਂ ਦਿੱਤੀਆਂ ਗਈਆਂ। ਨਵ ਨਿਯੁਕਤ ਕਾਰਜਕਾਰੀ ਪੰਜਾਬ ਪ੍ਰਧਾਨ ਸੁਖਮਿੰਦਰ ਸਿੰਘ ਜੱਬਲ ਨੇ ਸੋਸਾਇਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਐਗਜੈਕਟੀਵ ਮੈਂਬਰਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਦੀਆਂ ਸਮਾਜ ਭਲਾਈ ਦੀਆਂ ਸੇਵਾਵਾਂ ਨੂੰ ਹੋਰ ਅੱਗੇ ਵਧਾਉਣ ਲਈ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਸੇਵਾਵਾਂ ਨਿਭਾਉਣਗੇ। ਇਸ ਮੀਟਿੰਗ ਵਿੱਚ ਸੋਸਾਇਟੀ ਦੇ ਹੋਰ ਪ੍ਰਮੁੱਖ ਆਗੂ ਅਤੇ ਐਗਜੈਕਟੀਵ ਮੈਂਬਰਾਂ ਵਿਚ ਸੁਖਵਿੰਦਰ ਸਿੰਘ ਸੰਨੀ ਸਰਪ੍ਰਸਤ ਪੰਜਾਬ, ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਪ੍ਰਮਜੀਤ ਸਿੰਘ ਕਲਸੀ ਸੀਨੀਅਰ ਸਲਾਹਕਾਰ ਪੰਜਾਬ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਨਿਰਵੈਰ ਸਿੰਘ ਸਿੰਧੀ ਸੀਨੀਅਰ ਮੀਤ ਪ੍ਰਧਾਨ ਪੰਜਾਬ, ਸਤਨਾਮ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਬੂਟਾ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਅੰਗਰੇਜ਼ ਸਿੰਘ ਕਲਸੀ ਜ਼ਿਲ੍ਹਾ ਪ੍ਰਧਾਨ, ਅਵਤਾਰ ਸਿੰਘ ਠੇਠੀ ਮੀਤ ਪ੍ਰਧਾਨ ਪੰਜਾਬ, ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ ਪੰਜਾਬ, ਗੁਰਪ੍ਰੀਤ ਸਿੰਘ ਕਲਸੀ ਮਿਡੀਆ ਇਨਚਾਰਜ ਪੰਜਾਬ, ਸੁਖਚੈਨ ਸਿੰਘ ਨਾਗੀ ਵਾਈਸ ਚੇਅਰਮੈਨ ਪੰਜਾਬ, ਪ੍ਰੀਤਮ ਸਿੰਘ ਭੁੱਲਰ ਜ਼ਿਲ੍ਹਾ ਮੀਤ ਪ੍ਰਧਾਨ, ਬਲਦੇਵ ਸਿੰਘ ਜੱਬਲ ਜ਼ਿਲ੍ਹਾ ਸਲਾਹਕਾਰ, ਜਗਤਾਰ ਸਿੰਘ ਕਲਸੀ ਕੈਸ਼ੀਅਰ ਪੰਜਾਬ, ਰਾਜਦੀਪ ਸਿੰਘ ਵਸੀਰ ਮੈਂਬਰ ਨੇ ਸੁਖਮਿੰਦਰ ਸਿੰਘ ਜੱਬਲ ਦੀ ਨਿਯੁਕਤੀ ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਵਿਖੇ ਪੰਜਵੇਂ ਦਮਦਮਾ ਸਾਹਿਬ ਸਾਹਿਤਕ ਮੇਲੇ ਦਾ ਆਯੋਜਨ ਅੱਜ ਤੋਂ

ਤਲਵੰਡੀ ਸਾਬੋ, 03 ਨਵੰਬਰ (ਗੁਰਜੰਟ ਸਿੰਘ ਨਥੇਹਾ)– ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਗੁਰੂ ਕਾਸ਼ੀ ਭਾਸ਼ਾਵਾਂ ਵਿਭਾਗ, ਸੋਸ਼ਲ ਸਾਇੰਸਜ਼ ਵਿਭਾਗ ਅਤੇ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ ਪੰਜਵਾਂ ਦਮਦਮਾ ਸਾਹਿਬ ਸਾਹਿਤਕ ਮੇਲਾ ਮਿਤੀ 4, 5 ਅਤੇ 6 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੇਲੇ ਦਾ ਮਕਸਦ ਵਿਦਿਆਰਥੀਆਂ ਅਤੇ ਸਮਾਜ ਨੂੰ ਸਾਹਿਤਕ, ਸਮਾਜਿਕ ਅਤੇ ਰਾਜਨੀਤਿਕ ਲਿਖਤਾਂ ਪੜ੍ਹਨ ਅਤੇ ਖੁਦ ਗਿਆਨ ਦੀ ਸਿਰਜਨਾ ਕਰਨ ਲਈ ਪ੍ਰੇਰਿਤ ਕਰਨਾ ਹੈ। ਸਾਹਿਤਕ ਮੇਲੇ ਸੰਸਥਾਵਾਂ ਦੇ ਜ਼ਰੀਏ ਨਵਾਂ ਗਿਆਨ ਪੈਦਾ ਕਰਨ ਦੇ ਰਾਹ ਦਸੇਰੇ ਹੁੰਦੇ ਹਨ, ਜਿਸ ਦੁਆਰਾ ਪ੍ਰਗਤੀਸ਼ੀਲ ਕਦਰਾਂ-ਕੀਮਤਾਂ ਦੀ ਸਿਰਜਣਾ ਨਾਲ ਸਮਾਜ ਅਗਲੀ ਪੁਲਾਂਘ ਪੁੱਟਦਾ ਹੈ। ਇਸ ਮੇਲੇ ਵਿੱਚ ਕੌਮੀ ਅਤੇ ਕੌਮਾਂਤਰੀ ਪੱਧਰ ਦੇ ਵਿਦਵਾਨ ਅਲੱਗ-ਅਲੱਗ ਵਿਸ਼ਿਆਂ 'ਤੇ ਵਿਚਾਰ-ਚਰਚਾ ਕਰਨਗੇ। ਇਸ ਦੇ ਨਾਲ-ਨਾਲ ਪੁਸਤਕ ਪ੍ਰਦਰਸ਼ਨੀਆਂ, ਕਲਾ ਪ੍ਰਦਰਸ਼ਨੀਆਂ, ਸਾਹਿਤਕ ਸੰਵਾਦ, ਰੂ-ਬ-ਰੂ, ਨਾਟਕ, ਖੇਤੀ ਸੰਵਾਦ, ਵਿਦਿਆਰਥੀ ਵਿਚਾਰ-ਚਰਚਾ, ਫਿਲਮ ਸ਼ੋ, ਕਵੀ ਦਰਬਾਰ, ਕਵੀਸ਼ਰੀ, ਗੀਤ-ਸੰਗੀਤ ਹੋਵੇਗਾ ਅਤੇ ਵਿਰਾਸਤੀ ਖਾਣੇ ਦੀਆਂ ਸਟਾਲਾਂ ਵੀ ਲਗਾਈਆਂ ਜਾਣਗੀਆਂ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ, ਵਿਭਾਗਾਂ ਦੇ ਮੁਖੀ ਸਾਹਿਬਾਨ ਅਤੇ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ ਸਮੂਹ ਬੁੱਧੀਜੀਵੀ ਵਰਗ ਅਤੇ ਸਾਹਿਤਕ ਪ੍ਰੇਮੀਆਂ ਨੂੰ ਇਸ ਮੇਲੇ ਦਾ ਹਿੱਸਾ ਬਣਨ ਲਈ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਕਿ ਉਹ ਵੱਧ ਤੋਂ ਵੱਧ ਸ਼ਿਰਕਤ ਕਰਕੇ ਇਸ ਸਾਹਿਤਕ ਮੇਲੇ ਨੂੰ ਸਫਲ ਬਣਾਉਣ ਅਤੇ ਦਮਦਮਾ ਸਾਹਿਬ ਦੀ ਸਾਹਿਤਕ ਪਰੰਪਰਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਆਪਣਾ ਯੋਗਦਾਨ ਪਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਵੱਲੋਂ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਕਾਰਜਗੁਜਾਰੀ ਦੀ ਸਮੀਖਿਆ ਕੀਤੀ ਅਤੇ ਵਧੀਆ ਕਾਰਜਗੁਜਾਰੀ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਗਿਆ

ਹੁਸ਼ਿਆਰਪੁਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਤੇਜੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਜੀ ਦੀ ਰਹਿਨੁਮਾਈ ਹੇਠ ਪੰਜਾਬ ਪਛੜੀਆਂ ਸ਼੍ਰੇਣੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਪੱਛੜੀਆਂ ਸ੍ਰੇਣੀਆਂ, ਆਰਥਿਕ ਤੌਰ ਤੇ ਕੰਮਜੋਰ ਵਰਗ, ਅਤੇ ਘੱਟ ਗਿਣਤੀ ਵਰਗ ਦੇ ਵਿਅਕਤੀਆਂ ਦਾ ਆਰਥਿਕ ਮਿਆਰ ਉੱਚਾ ਚੁੱਕਣ ਦੇ ਮਨੌਰਥ ਨਾਲ ਸਵੈ-ਰੁਜਗਾਰ ਸਕੀਮਾਂ ਲਈ ਘੱਟ ਵਿਆਜ ਦੀ ਦਰ ਤੇ ਕਰਜੇ ਮੁਹੱਇਆ ਕਰਵਾਏ ਜਾ ਰਹੇ ਹਨ।

ਚੇਅਰਮੈਨ ਸ੍ਰੀ ਸੰਦੀਪ ਸੈਣੀ ਜੀ ਵੱਲੋਂ ਅੱਜ ਮਿਤੀ 3-11-2026 ਨੂੰ ਬੈਕਫਿੰਕੋ ਦੇ ਸਮੂਹ ਸਟਾਫ ਨਾਲ ਮੀਟਿੰਗ ਕਰਕੇ ਉਨ੍ਹਾਂ ਦੀ ਕਾਰਜਗੁਜਾਰੀ ਦੀ ਸਮੀਖਿਆ ਕੀਤੀ ਗਈ। ਚੇਅਰਮੈਨ ਸੈਣੀ ਜੀ ਵੱਲੋਂ ਸਮੂਹ ਸਟਾਫ ਨੂੰ ਤਨਦੇਹੀ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ ਗਿਆ ਅਤੇ ਬੈਕਫਿੰਕੋ ਵੱਲੋ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਆਮ ਜਨਤਾ ਤੱਕ ਵੱਧ ਤੋਂ ਵੱਧ ਪਹੁੰਚਾਉਣ ਲਈ ਨਵੇਂ ਉਪਰਾਲੇ ਕਰਨ ਲਈ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੋਕੇ ਉਨ੍ਹਾਂ ਵੱਲੋਂ ਵਧੀਆਂ ਕਾਰਜਗੁਜਾਰੀ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਦੌਰਾਨ ਚੇਅਰਮੈਨ ਸੈਣੀ ਵੱਲੋਂ ਦੱਸਿਆ ਗਿਆ ਕਿ ਬੈਕਫਿੰਕੋ ਵੱਲੋਂ ਉਨ੍ਹਾਂ ਦੇ ਮਿਤੀ 11-3-2024 ਨੂੰ ਚਾਰਜ ਸੰਭਾਲਣ ਤੋਂ ਲੈ ਕੇ ਹੁਣ ਤੱਕ 25.22 ਕਰੋੜ੍ਹ ਰੁਪਏ ਦੇ ਕਰਜੇ 788 ਲਾਭਪਾਤਰੀਆਂ ਨੂੰ ਰੋਜਗਾਰ ਸਥਾਪਿਤ ਕਰਨ ਲਈ ਵੱਖ-ਵੱਖ ਕਰਜਾ ਸਕੀਮਾਂ ਅਧੀਨ ਵੰਡੇ ਜਾ ਚੁੱਕੇ ਹਨ। ਸ਼੍ਰੀ ਸ਼ੈਣੀ ਵੱਲੋਂ ਸਮੂਹ ਸਟਾਫ ਨੂੰ ਹੋਰ ਮਿਹਨਤ ਅਤੇ ਲਗਨ ਨਾਲ ਕੰਮ-ਕਾਜ ਨੂੰ ਪ੍ਰੇਰਿਆ ਗਿਆ ਅਤੇ ਸਮੂਹ ਬੈਕਫਿੰਕੋ ਸਟਾਫ ਨੂੰ ਦਿਵਾਲੀ ਦੀ ਮੁਬਾਰਕਬਾਦ ਦਿੱਤੀ ਗਈ।

ਮੀਟਿੰਗ ਵਿੱਚ ਬੈਕਫਿੰਕੋ ਦੇ ਵਾਈਸ ਚੇਅਰਮੈਨ ਸ਼੍ਰੀ ਹਰਜਿੰਦਰ ਸਿੰਘ ਸੀਚੇਵਾਲ , ਕਾਰਜਕਾਰੀ ਡਾਇਰੈਕਟਰ ਸ਼੍ਰੀ ਜੀ.ਐਸ. ਸਹੋਤਾ, ਆਈ.ਏ.ਐਸ. , ਸਹਾਇਕ ਜਨਰਲ ਮੈਨੇਜਰ(ਵਿੱਤ) ਸ਼੍ਰੀ. ਰਵਿੰਦਰ ਸਿੰਘ ਅਤੇ ਸਹਾਇਕ ਜਨਰਲ ਮੈਨੇਜਰ(ਅਮਲਾ) ਸ਼੍ਰੀ ਸੁਖਵਿੰਦਰ ਸਿੰਘ ਵੀ ਮੌਜੂਦ ਸਨ।

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ਿ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਲੰਡਨ 'ਚ ਦਲ ਖ਼ਾਲਸਾ ਇੰਟਰਨੈਸ਼ਨਲ ਵੱਲੋਂ

ਭਾਰਤੀ ਹਾਈ ਕਮਿਸ਼ਨ ਬਾਹਰ ਲਗਾਤਾਰ ਤੀਜੇ ਦਿਨ ਵੀ ਰੋਸ ਪ੍ਰਦਰਸ਼ਨ



ਲੰਡਨ, 3 ਨਵੰਬਰ (ਸਰਬਜੀਤ ਸਿੰਘ ਬਨੂੜ)-ਨਵੰਬਰ 1984 ਦੇ ਸਿੱਖ ਕਤਲੇਆਮ ਦੀ 42ਵੀਂ ਬਰਸੀ ਮੌਕੇ ਬਰਤਾਨੀਆ ਦੀ ਰਾਜਧਾਨੀ ਲੰਡਨ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਦਲ ਖ਼ਾਲਸਾ ਇੰਟਰਨੈਸ਼ਨਲ ਵੱਲੋਂ ਲਗਾਤਾਰ ਤਿੰਨ ਦਿਨਾਂ ਤੋਂ ਦਿਨ ਰਾਤ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਪਹਿਲੀ ਨਵੰਬਰ ਤੋਂ ਸ਼ੁਰੂ ਹੋਏ ਇਸ ਰੋਸ ਪ੍ਰੋਗਰਾਮ ਦੇ ਤੀਜੇ ਦਿਨ ਵੀ ਸਿੱਖਾਂ ਵੱਲੋਂ ਨਵੰਬਰ 1984 ਦੇ ਕਤਲੇਆਮ ਲਈ ਇਨਸਾਫ਼ ਅਤੇ ਇਸ ਨੂੰ ਨਸਲਕੁਸ਼ੀ ਵਜੋਂ ਅੰਤਰਰਾਸ਼ਟਰੀ ਮਾਨਤਾ ਦੇਣ ਦੀ ਮੰਗ ਉਠਾਈ ਗਈ। ਇਸ ਮੋਰਚੇ ਵਿੱਚ ਸਿੱਖ ਬੀਬੀਆਂ ਦੀ ਭੂਮਿਕਾ ਵੀ ਉੱਭਰ ਕੇ ਸਾਹਮਣੇ ਆਈ ਹੈ, ਜਿਨ੍ਹਾਂ ਨੇ ਬਰਤਾਨਵੀ ਪ੍ਰਧਾਨ ਮੰਤਰੀ ਤੱਕ ਪੀੜਤ ਪਰਿਵਾਰਾਂ ਦੀ ਆਵਾਜ਼ ਪਹੁੰਚਾਉਣ ਲਈ ਅਹਿਮ ਪਹਿਲਕਦਮੀ ਕੀਤੀ ਹੈ। ਇਸ ਦੌਰਾਨ ਲਗਾਤਾਰ ਚੱਲ ਰਹੇ ਰੋਸ ਪ੍ਰਦਰਸ਼ਨਾਂ ਕਾਰਨ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਕੰਮਕਾਜ ਉੱਤੇ ਅਸਰ ਪੈ ਰਿਹਾ ਹੈ। ਸਿੱਖ ਕਾਰਕੁਨਾਂ ਵੱਲੋਂ ਅੰਬੈਸੀ ਬਾਹਰ ਖਾਲਿਸਤਾਨ ਨਾਅਰੇ ਲਾਏ ਜਾ ਰਹੇ ਹਨ। ਰੋਸ ਪ੍ਰਦਰਸ਼ਨ ਕਾਰਨ ਹਾਈ ਕਮਿਸ਼ਨ ਦੀਆਂ ਆਮ ਸਰਗਰਮੀਆਂ ਵਿੱਚ ਵਿਘਨ ਅਤੇ ਝੰਡਾ ਲਹਿਰਾਉਣ ਦੀ ਰਸਮ ਵੀ ਮੁਅੱਤਲ ਚੱਲ ਰਹੀ ਹੈ। ਖਾਲਿਸਤਾਨੀਆ ਦੀਆਂ ਸਰਗਰਮੀਆਂ ਨੂੰ ਵੇਖਦੇ ਹੋਏ ਅੰਬੈਸੀ ਬਾਹਰ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ ਹਨ । ਜ਼ਿਕਰਯੋਗ ਹੈ ਕਿ 19 ਮਾਰਚ 2023 ਨੂੰ ਵੀ ਲੰਡਨ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਖ਼ਾਲਿਸਤਾਨ ਸਮਰਥਕਾਂ ਦੇ ਪ੍ਰਦਰਸ਼ਨ ਦੌਰਾਨ ਵੱਡਾ ਵਿਵਾਦ ਖੜ੍ਹਾ ਹੋ ਗਿਆ ਸੀ। ਉਸ ਸਮੇਂ ਇੱਕ ਪ੍ਰਦਰਸ਼ਨਕਾਰੀ ਨੇ ਹਾਈ ਕਮਿਸ਼ਨ ਦੀ ਇਮਾਰਤ ਉੱਤੇ ਲੱਗਾ ਭਾਰਤੀ ਤਿਰੰਗਾ ਹੇਠਾਂ ਉਤਾਰ ਇਮਾਰਤ ਤੇ ਖਾਲਿਸਤਾਨ ਝੰਡਾ ਲਹਿਰਾਉਣ ਦੀ ਕੋਸ਼ਿਸ਼ ਕੀਤੀ ਗਈ ਸੀ। ਇਸ ਘਟਨਾ ਤੋਂ ਬਾਅਦ ਭਾਰਤ ਸਰਕਾਰ ਨੇ ਬਰਤਾਨਵੀ ਸਰਕਾਰ ਕੋਲ ਸਖ਼ਤ ਇਤਰਾਜ਼ ਦਰਜ ਕਰਵਾਇਆ ਸੀ ਅਤੇ ਹਾਈ ਕਮਿਸ਼ਨ ਦੀ ਸੁਰੱਖਿਆ ਵਧਾਈ ਗਈ ਸੀ। ਹੁਣ ਤਿੰਨ ਸਾਲਾਂ ਬਾਅਦ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਮੁੱਦੇ ਉੱਤੇ ਮੁੜ ਲਗਾਤਾਰ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਦਲ ਖ਼ਾਲਸਾ ਇੰਟਰਨੈਸ਼ਨਲ ਤੇ ਸਿੱਖਸ ਫਾਰ ਜਸਟਿਸ ਦੇ ਗੁਰਚਰਨ ਸਿੰਘ, ਗੁਰਪ੍ਰੀਤ ਸਿੰਘ, ਮੰਗਲ ਸਿੰਘ, ਜਸਬੀਰ ਸਿੰਘ ਨਾਲ ਜੁੜੇ ਕਾਰਕੁਨਾਂ ਦਾ ਕਹਿਣਾ ਹੈ ਕਿ ਨਵੰਬਰ 1984 ਦੌਰਾਨ ਦਿੱਲੀ ਸਮੇਤ ਭਾਰਤ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸਿੱਖਾਂ ਨੂੰ ਉਨ੍ਹਾਂ ਦੀ ਧਾਰਮਿਕ ਪਛਾਣ ਕਾਰਨ ਨਿਸ਼ਾਨਾ ਬਣਾਇਆ ਗਿਆ ਸੀ। ਹਜ਼ਾਰਾਂ ਬੇਗੁਨਾਹ ਸਿੱਖਾਂ ਨੂੰ ਮੌਤ ਦੇ ਘਾਟ ਉਤਾਰਿਆ ਗਿਆ, ਘਰਾਂ ਅਤੇ ਕਾਰੋਬਾਰਾਂ ਨੂੰ ਅੱਗਾਂ ਲਾਈਆਂ ਗਈਆਂ ਅਤੇ ਅਨੇਕਾਂ ਪਰਿਵਾਰ ਉੱਜੜ ਗਏ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਕਤਲੇਆਮ ਨੂੰ ਸਿਰਫ਼ 'ਦੰਗੇ' ਆਖ ਕੇ ਪੇਸ਼ ਕਰਨਾ ਪੀੜਤਾਂ ਨਾਲ ਹੋਏ ਜ਼ੁਲਮਾਂ ਦੀ ਗੰਭੀਰਤਾ ਨੂੰ ਘਟਾਉਣ ਦੇ ਬਰਾਬਰ ਹੈ। ਜ਼ਿਕਰਯੋਗ ਹੈ ਕਿ 31 ਅਕਤੂਬਰ 1984 ਨੂੰ ਤਤਕਾਲੀ ਭਾਰਤੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਬਾਅਦ ਦਿੱਲੀ ਸਮੇਤ ਕਈ ਸ਼ਹਿਰਾਂ ਵਿੱਚ ਸਿੱਖਾਂ ਵਿਰੁੱਧ ਭਿਆਨਕ ਹਿੰਸਾ ਹੋਈ ਸੀ। ਸਰਕਾਰੀ ਅੰਕੜਿਆਂ ਮੁਤਾਬਕ ਇਕੱਲੀ ਦਿੱਲੀ ਵਿੱਚ 2,733 ਸਿੱਖ ਮਾਰੇ ਗਏ ਸਨ। ਮਨੁੱਖੀ ਅਧਿਕਾਰ ਸੰਸਥਾਵਾਂ ਅਤੇ ਵੱਖ-ਵੱਖ ਜਾਂਚ ਰਿਪੋਰਟਾਂ ਵਿੱਚ ਉਸ ਸਮੇਂ ਦੇ ਸਿਆਸੀ ਕਾਂਗਰਸੀ ਆਗੂਆਂ ਅਤੇ ਪੁਲਸ ਦੀ ਭੂਮਿਕਾ ਉੱਤੇ ਗੰਭੀਰ ਸਵਾਲ ਉਠਾਏ ਜਾਂਦੇ ਰਹੇ ਹਨ। ਲੰਡਨ ਵਿੱਚ ਚੱਲ ਰਹੇ ਇਨ੍ਹਾਂ ਰੋਸ ਪ੍ਰਦਰਸ਼ਨਾਂ ਨੇ ਇੱਕ ਵਾਰ ਫਿਰ ਨਵੰਬਰ 1984 ਦੇ ਸਿੱਖ ਕਤਲੇਆਮ, ਪੀੜਤਾਂ ਨੂੰ ਇਨਸਾਫ਼ ਅਤੇ ਅੰਤਰਰਾਸ਼ਟਰੀ ਮਾਨਤਾ ਦੇ ਮੁੱਦੇ ਨੂੰ ਚਰਚਾ ਵਿੱਚ ਲਿਆ ਦਿੱਤਾ ਹੈ। ਸਿੱਖ ਜਥੇਬੰਦੀਆਂ ਦਾ ਕਹਿਣਾ ਹੈ ਕਿ ਚਾਰ ਦਹਾਕਿਆਂ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਇਸ ਕਤਲੇਆਮ ਦੀਆਂ ਯਾਦਾਂ ਅੱਜ ਵੀ ਸਿੱਖ ਕੌਮ ਦੇ ਮਨਾਂ ਵਿੱਚ ਤਾਜ਼ਾ ਹਨ ਅਤੇ ਇਨਸਾਫ਼ ਦੀ ਮੰਗ ਨੂੰ ਦਬਾਇਆ ਨਹੀਂ ਜਾ ਸਕਦਾ।

1984 ਦੇ ਸਿੱਖ ਕਤਲੇਆਮ ਨੂੰ ਨਸਲਕੁਸ਼ੀ ਵਜੋਂ ਮਾਨਤਾ ਦੇਣ ਦੀ ਮੰਗ

ਮੁੱਖ ਸਕੱਤਰ ਉਚ ਅਦਾਲਤ ਨੂੰ ਦੱਸਣ ਕਿ ਸਰਕਾਰ ਦੀ ਰਾਜਨੀਤਿਕ ਇੱਛਾ ਸ਼ਕਤੀ ਦੀ ਘਾਟ ਕਾਰਨ ਉਹ

ਬਲੀ ਦਾ ਬੱਕਰਾ ਬਣ ਰਹੇ ਹਨ- ਗਿਆਨੀ ਹਰਪ੍ਰੀਤ ਸਿੰਘ

ਚੰਡੀਗੜ੍ਹ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)- ਸੂਬੇ ਵਾਸਤੇ ਇਹ ਬੜੀ ਹੀ ਨਮੋਸ਼ੀ ਭਰੀ ਸਥਿੱਤੀ ਹੈ ਕਿ ਉਚ ਅਦਾਲਤ ਵੱਲੋਂ ਰਾਜ ਦੇ ਪ੍ਰਸ਼ਾਸਕੀ ਮੁਖੀ ਖਿਲਾਫ ਨਿਤ ਦਿਹਾੜੇ ਸਖਤ ਟਿਪਣੀਆਂ, ਜੁਰਮਾਨਾ 'ਤੇ ਹੁਣ ਬਾਕਾਇਦਾ ਮਾਨਹਾਨੀ ਦੀ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ ਪਰ ਸੂਬਾ ਸਰਕਾਰ ਮੂਕ ਦਰਸ਼ਕ ਬਣ ਕੇ ਸਿਰਫ ਤਮਾਸ਼ਾ ਵੇਖ ਰਹੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ। ਉਹਨਾਂ ਕਿਹਾ ਕਿ ਅਦਾਲਤ ਮੂਹਰੇ ਨਿੰਮੋਝੂਣਾ ਬਣ ਕੇ ਮੁੱਖ ਸਕੱਤਰ ਰਿਪੋਰਟ ਰੱਖ ਰਿਹਾ ਹੈ ਕਿ ਮੁਲਾਜ਼ਮਾਂ ਦਾ ਕੁਲ ਬਕਾਇਆ 32418 ਕਰੋੜ ਬਣਦਾ ਹੈ ਜਿਸਦੇ ਭੁਗਤਾਨ ਨਾਲ ਸੂਬੇ ਦਾ ਵਿਤੀ ਬੋਝ ਬਹੁਤ ਵੱਧ ਜਾਵੇਗਾ। ਮੁੱਖ ਸਕੱਤਰ ਅਦਾਲਤ ਨੂੰ ਇਹ ਕਿਉਂ ਨਹੀਂ ਦੱਸਦੇ ਕਿ



ਵੋਟ ਬਟੋਰੂ ਸਹੂਲਤਾਂ ਅਤੇ ਉਹਨਾਂ ਦੀ ਇਸ਼ਤਿਹਾਰ ਬਾਜੀ ਨਾਲ ਸੂਬੇ ਦਾ ਵਿਤੀ ਬੋਝ ਕਿੰਨਾ ਵਧਿਆ ਹੈ ? ਇਹ ਬਕਾਇਆ ਰਾਸ਼ੀ ਮੁਲਾਜ਼ਮਾਂ ਦਾ ਹੱਕ ਅਤੇ ਉਹਨਾਂ ਦੀ ਮਿਹਨਤ ਦਾ ਮੁੱਲ ਹੈ ਜਿਸਨੂੰ ਅਦਾ ਕਰਨਾ ਸਰਕਾਰ ਦੀ ਜਿੰਮੇਵਾਰੀ ਹੈ। ਮੁੱਖ ਸਕੱਤਰ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਕਿ ਇਹ ਬਕਾਇਆ ਨਾਲ ਦੀ ਨਾਲ ਦੇਣ ਦੀ ਬਜਾਏ ਏਨਾ ਵਧਣ ਕਿਉਂ ਦਿੱਤਾ ਗਿਆ। ਸਰਕਾਰਾਂ ਵਿੱਚ ਇਹ ਕਿਸ ਦੀ ਨਲਾਇਕੀ ਸੀ ਜਿਸਨੇ ਮੁਲਾਜਮਾਂ ਦਾ ਹੱਕ ਮਾਰਕੇ ਇਸ ਪੈਸੇ ਨੂੰ ਹੋਰਨਾਂ ਥਾਵਾਂ 'ਤੇ ਵਰਤਿਆ। ਗਿਆਨੀ ਹਰਪ੍ਰੀਤ ਸਿੰਘ ਨੇ ਬਿਆਨ ਦੇ ਅਖੀਰ ਵਿੱਚ ਕਿਹਾ ਕਿ ਮੁਲਾਜ਼ਮਾਂ ਦਾ ਬਕਾਇਆ ਦੇਣ ਦੀ ਬਜਾਏ ਸਰਕਾਰ ਨੇ, ਜਿਸ ਅਧਿਕਾਰੀ ਦੁਆਰਾ ਰਾਜ ਦਾ ਪ੍ਰਸ਼ਾਸਕੀ ਕੰਮਕਾਰ ਠੀਕ ਢੰਗ ਨਾਲ ਚਲਾਉਣ ਦੀ ਜਿੰਮੇਵਾਰੀ ਨਿਭਾਉਣੀ ਹੈ, ਉਸਨੂੰ ਅਦਾਲਤ ਦੇ ਰਹਿਮੋ ਕਰਮ 'ਤੇ ਛੱਡ ਰੱਖਿਆ ਹੈ। ਇਸਤੋਂ ਪਤਾ ਲਗਦਾ ਹੈ ਕਿ ਸਰਕਾਰ ਆਪਣੇ ਗੁਨਾਹਾਂ ਦਾ ਭਾਰ ਆਪਣੇ ਅਧਿਕਾਰੀਆਂ 'ਤੇ ਪਾ ਕੇ ਸੁਰਖਰੂ ਮਹਿਸੂਸ ਕਰ ਰਹੀ ਹੈ, ਪਰ ਇਸਦਾ ਖਮਿਆਜਾ ਭੁਗਤਣਾ ਹੀ ਪਵੇਗਾ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਭਾਜਪਾ ਸ਼ਾਸਿਤ ਸੂਬਿਆਂ 'ਚ ਅਪਰਾਧ ਸਭ ਤੋਂ ਵੱਧ, ਪੰਜਾਬ 'ਚ ਅਪਰਾਧੀਆਂ 'ਤੇ 24 ਘੰਟਿਆਂ ਅੰਦਰ ਹੁੰਦੀ ਹੈ ਕਾਰਵਾਈ : ਬਿਕਰਮਜੀਤ ਪਾਸੀ

'ਆਪ' ਦੇ ਬੁਲਾਰੇ ਵੱਲੋਂ ਪੰਜਾਬ ਦੀ ਕਾਨੂੰਨ ਵਿਵਸਥਾ 'ਤੇ ਸਵਾਲ ਚੁੱਕਣ ਵਾਲਿਆਂ ਨੂੰ ਜਵਾਬ, ਅਕਾਲੀ-ਭਾਜਪਾ ਸਰਕਾਰ ਦੇ ਕਾਰਜਕਾਲ 'ਤੇ ਵੀ ਸਾਧੇ ਨਿਸ਼ਾਨੇ

ਲੰਡਨ/ਚੰਡੀਗੜ੍ਹ, 3 ਨਵੰਬਰ (ਸਰਬਜੀਤ ਸਿੰਘ ਬਨੂੜ)-ਆਮ ਆਦਮੀ ਪਾਰਟੀ ਦੇ ਸੂਬਾਈ ਬੁਲਾਰੇ ਬਿਕਰਮਜੀਤ ਪਾਸੀ ਨੇ ਪੰਜਾਬ ਦੀ ਕਾਨੂੰਨ ਵਿਵਸਥਾ ਦਾ ਬਚਾਅ ਕਰਦਿਆਂ ਦਾਅਵਾ ਕੀਤਾ ਹੈ ਕਿ ਭਾਰਤੀ ਜਨਤਾ ਪਾਰਟੀ ਦੀਆਂ ਸਰਕਾਰਾਂ ਵਾਲੇ ਸੂਬਿਆਂ ਵਿੱਚ ਅਪਰਾਧ ਸਭ ਤੋਂ ਵੱਧ ਹਨ, ਜਦਕਿ ਪੰਜਾਬ ਵਿੱਚ ਭਗਵੰਤ ਮਾਨ ਸਰਕਾਰ ਨੇ ਅਪਰਾਧਿਕ ਗਤੀਵਿਧੀਆਂ ਨੂੰ ਕਾਬੂ ਕਰਨ ਲਈ ਸਖ਼ਤ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਪਰਾਧ ਕਰਨ ਵਾਲਾ ਵਿਅਕਤੀ ਭਾਵੇਂ ਕੋਈ ਵੀ ਹੋਵੇ, ਪੁਲਸ ਵੱਲੋਂ ਉਸ ਖ਼ਿਲਾਫ਼ 24 ਘੰਟਿਆਂ ਦੇ ਅੰਦਰ ਕਾਰਵਾਈ ਕੀਤੀ ਜਾਂਦੀ ਹੈ। ਪੰਜਾਬ ਦੀ ਸਿਆਸਤ ਅਤੇ ਅਕਾਲੀ-ਭਾਜਪਾ ਗੱਠਜੋੜ ਦੀਆਂ ਸੰਭਾਵਨਾਵਾਂ ਸਬੰਧੀ ਗੱਲ-ਬਾਤ ਦੌਰਾਨ ਪਾਸੀ ਨੇ ਵਿਰੋਧੀ ਪਾਰਟੀਆਂ ਵੱਲੋਂ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਬਾਰੇ ਲਾਏ ਜਾ ਰਹੇ ਦੋਸ਼ਾਂ ਨੂੰ ਰੱਦ ਕੀਤਾ। ਉਨ੍ਹਾਂ ਕਿਹਾ ਕਿ ਅਪਰਾਧ ਕਿਸੇ ਵੀ ਸੂਬੇ ਵਿੱਚ ਹੋ ਸਕਦਾ ਹੈ ਪਰ ਅਸਲ ਸਵਾਲ ਇਹ ਹੈ ਕਿ ਸਰਕਾਰ ਅਤੇ ਪੁਲਸ ਅਪਰਾਧੀਆਂ ਖ਼ਿਲਾਫ਼ ਕਿੰਨੀ ਤੇਜ਼ੀ ਨਾਲ ਕਾਰਵਾਈ ਕਰਦੀਆਂ ਹਨ। ਪਾਸੀ ਨੇ ਦਾਅਵਾ ਕੀਤਾ ਕਿ ਅਕਾਲੀ ਦਲ ਅਤੇ ਭਾਜਪਾ ਦੇ ਸਾਂਝੇ ਰਾਜ ਦੌਰਾਨ ਪੰਜਾਬ ਵਿੱਚ ਕਈ ਗੰਭੀਰ ਅਪਰਾਧ ਅਤੇ ਮਿੱਥ ਕੇ ਕਤਲ ਕਰਨ ਦੀਆਂ ਘਟਨਾਵਾਂ ਵਾਪਰੀਆਂ ਸਨ। ਉਨ੍ਹਾਂ ਕਿਹਾ ਕਿ ਉਸ ਸਮੇਂ ਅਪਰਾਧੀਆਂ ਖ਼ਿਲਾਫ਼ ਕਾਰਵਾਈ ਅਤੇ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਵਿੱਚ ਵੱਡਾ ਫ਼ਰਕ ਹੈ। ਉਨ੍ਹਾਂ ਮੁਤਾਬਕ ਆਮ ਆਦਮੀ ਪਾਰਟੀ ਦੀ ਸਰਕਾਰ ਅਪਰਾਧੀਆਂ ਨੂੰ ਬਖ਼ਸ਼ਣ ਦੀ ਬਜਾਏ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਨੀਤੀ 'ਤੇ ਚੱਲ ਰਹੀ ਹੈ। ਭਾਜਪਾ ਸ਼ਾਸਿਤ ਹਰਿਆਣਾ ਦੀ ਉਦਾਹਰਨ ਦਿੰਦਿਆਂ ਪਾਸੀ ਨੇ ਕੌਮੀ ਅਪਰਾਧ ਰਿਕਾਰਡ ਬਿਊਰੋ (ਐੱਨ.ਸੀ.ਆਰ.ਬੀ.) ਦੇ ਅੰਕੜਿਆਂ ਦਾ ਹਵਾਲਾ ਦਿੱਤਾ ਅਤੇ ਦਾਅਵਾ ਕੀਤਾ ਕਿ ਪੰਜਾਬ ਦੀ ਕਾਨੂੰਨ ਵਿਵਸਥਾ ਦੂਜੇ ਕਈ ਸੂਬਿਆਂ ਦੇ ਮੁਕਾਬਲੇ ਬਿਹਤਰ ਹੈ। ਦੂਜੇ ਪਾਸੇ ਬਹਿਸ ਵਿੱਚ ਸ਼ਾਮਲ ਅਕਾਲੀ ਆਗੂ ਮਹੇਸ਼ਿੰਦਰ ਸਿੰਘ ਗਰੇਵਾਲ ਅਤੇ ਭਾਜਪਾ ਦੇ ਬੁਲਾਰੇ ਡਾ. ਐੱਸ.ਐੱਸ. ਚੰਨੀ ਨੇ ਪੰਜਾਬ ਵਿੱਚ ਨਸ਼ਿਆਂ, ਅਪਰਾਧਾਂ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਆਮ ਆਦਮੀ ਪਾਰਟੀ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ। ਵਿਰੋਧੀ ਆਗੂਆਂ ਨੇ ਦੋਸ਼ ਲਾਇਆ ਕਿ ਸੂਬੇ ਵਿੱਚ ਨਸ਼ਿਆਂ ਦਾ ਕਾਰੋਬਾਰ ਅਤੇ ਅਪਰਾਧਿਕ ਗਤੀਵਿਧੀਆਂ ਅਜੇ ਵੀ ਗੰਭੀਰ ਚਿੰਤਾ ਦਾ ਵਿਸ਼ਾ ਹਨ। ਪੰਜਾਬ ਵਿੱਚ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦਾ ਮੁੱਦਾ ਸਿਆਸੀ ਬਹਿਸ ਦਾ ਕੇਂਦਰ ਬਣਦਾ ਜਾ ਰਿਹਾ ਹੈ। ਜਿੱਥੇ ਸੱਤਾਧਾਰੀ ਆਮ ਆਦਮੀ ਪਾਰਟੀ ਅਪਰਾਧੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਦਾਅਵੇ ਕਰ ਰਹੀ ਹੈ, ਉੱਥੇ ਵਿਰੋਧੀ ਪਾਰਟੀਆਂ ਸਰਕਾਰ ਦੇ ਇਨ੍ਹਾਂ ਦਾਅਵਿਆਂ 'ਤੇ ਸਵਾਲ ਚੁੱਕ ਰਹੀਆਂ ਹਨ।



ਜ਼ਿਲ੍ਹਾ ਪ੍ਰਸ਼ਾਸਨ ਵਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕਿਆਂ ਲਈ ਮਾਹਿਲਪੁਰ 'ਚ ਰੋਜ਼ਗਾਰ ਕੈਂਪ



ਮਾਹਿਲਪੁਰ (ਹੁਸ਼ਿਆਰਪੁਰ), 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਜ਼ਿਲ੍ਹਾ ਪ੍ਰਸ਼ਾਸਨ ਵਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਥਾਨਕ ਬੀ.ਡੀ.ਪੀ.ਓ. ਕਲੋਨੀ ਵਿਖੇ ਨੌਜਵਾਨਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਰੋਜ਼ਗਾਰ ਕੈਂਪ ਲਗਾਇਆ ਗਿਆ ਜਿਥੇ ਉਨ੍ਹਾਂ ਨੂੰ ਕੰਮ ਦੇ ਮੌਕਿਆਂ ਲਈ ਪਲੇਟਫਾਰਮ ਮੁਹੱਈਆ ਕਰਵਾਉਣ ਦੇ ਨਾਲ-ਨਾਲ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ ਵੀ ਸੁਹਿਰਦ ਯਤਨ ਕਰਨ ਦਾ ਸੱਦਾ ਦਿੱਤਾ ਗਿਆ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਲਗਾਏ ਗਏ ਇਸ ਰੋਜ਼ਗਾਰ ਕੈਂਪ ਵਿਚ ਗੜ੍ਹਸ਼ੰਕਰ ਦੇ ਐਸ.ਡੀ.ਐਮ. ਸੰਜੀਵ ਕੁਮਾਰ ਨੇ ਸ਼ਿਰਕਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਅਜਿਹੇ ਕੈਂਪ ਲੜੀਵਾਰ ਲਾਏ ਜਾ ਰਹੇ ਹਨ ਤਾਂ ਜੋ ਵੱਧ ਤੋਂ ਵੱਧ ਬੇਰੋਜ਼ਗਾਰ ਨੌਜਵਾਨਾਂ ਨੂੰ ਆਪਣੇ ਪੈਰੀਂ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 60 ਦਿਨਾਂ ਲਈ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਸ਼ੁਰੂ ਕੀਤੇ ਵਿਸ਼ੇਸ਼ ਪ੍ਰੋਗਰਾਮਾਂ ਤਹਿਤ ਪਿੰਡਾਂ ਵਿਚ ਖੇਡਾਂ, ਰੋਜ਼ਗਾਰ ਅਤੇ ਜਾਗਰੂਕਤਾ ਸਰਗਰਮੀਆਂ ਕਰਵਾਈਆਂ ਜਾ ਰਹੀਆਂ ਹਨ ਤਾਂ ਜੋ ਨੌਜਵਾਨ ਪੀੜੀ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਨੌਜਵਾਨ ਇਸ ਸਮਾਜ ਭਲਾਈ ਦੇ ਕਾਰਜ ਵਿਚ ਠੋਸ ਭੂਮਿਕਾ ਨਿਭਾਅ ਕੇ ਸਾਰਥਕ ਨਤੀਜੇ ਯਕੀਨੀ ਬਣਾ ਸਕਦੇ ਹਨ ਜਿਸ ਲਈ ਨੌਜਵਾਨਾਂ ਨੂੰ ਇਸ ਨੇਕ ਕਾਰਜ ਲਈ ਅੱਗੇ ਆਉਣਾ ਚਾਹੀਦਾ ਹੈ। ਕੌਂਸਲਰ ਸੁਰਿੰਦਰ ਕੌਰ ਅਤੇ ਬਲਵਿੰਦਰ ਮਰਵਾਹਾ, ਡੀ.ਐਸ.ਡੀ. ਸ਼ਾਮ ਸੁੰਦਰ ਅਤੇ ਹੋਰਨਾਂ ਅਧਿਕਾਰੀਆਂ ਨੇ ਕਲੋਨੀ ਵਾਸੀਆਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਖਿਲਾਫ਼ ਇਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਾਂਝੇ ਉਪਰਾਲਿਆਂ ਨਾਲ ਇਸ ਸਮਾਜਿਕ ਬੁਰਾਈ ਨੂੰ ਖਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਮਨੋਹਰ ਲਾਲ, ਵਿਕਰਮਜੀਤ, ਡਾ. ਅੰਜੂ, ਕੌਂਸਲਰ ਰਜਨੀ, ਸੁਲੇਖਾ ਰਾਣੀ ਅਤੇ ਆਸ਼ਾ ਵਰਕਰ ਆਸ਼ਾ ਰਾਣੀ ਵੀ ਮੌਜੂਦ ਸਨ।

ਨਿਊ ਜ਼ਿਲ੍ਹਾ ਤੇ ਸ਼ੈਸ਼ਨ ਕੋਰਟ ਵਿਖੇ ਆਸ਼ਾ ਕਿਰਨ ਸਕੂਲ ਦੇ ਬੱਚਿਆਂ ਵੱਲੋਂ

ਦੀਵਾਲੀ ਦੇ ਤਿਉਹਾਰ ਲਈ ਬਣਾਏ ਗਏ ਸਮਾਨ ਦੀ ਸੇਲ ਕਮ ਐਗਜੀਬੀਸ਼ਨ ਲਗਾਈ

ਹੁਸ਼ਿਆਰਪੁਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਂਵਾ ਅਥਾਰਟੀ ਰਜਿੰਦਰ ਅਗਰਵਾਲ ਦੀ ਦੇਖ-ਰੇਖ ਵਿੱਚ ਸੀ.ਜੇ.ਐਮ.-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਂਵਾ ਅਥਾਰਟੀ ਨੀਰਜ ਗੋਇਲ ਵੱਲੋ ਅੱਜ ਨਿਊ ਜ਼ਿਲ੍ਹਾ ਅਤੇ ਸ਼ੈਸ਼ਨ ਕੋਰਟ ਵਿਖੇ ਆਸ਼ਾ ਕਿਰਨ ਸਕੂਲ ਦੇ ਬੱਚਿਆਂ ਵੱਲੋਂ ਦੀਵਾਲੀ ਦੇ ਤਿਉਹਾਰ ਲਈ ਬਣਾਏ ਗਏ ਸਮਾਨ ਦੀ ਸੇਲ-ਕਮ ਐਗਜੀਬੀਸ਼ਨ ਲਗਵਾਈ ਗਈ, ਜਿਸ ਵਿੱਚ ਬੱਚਿਆਂ ਵੱਲੋਂ ਮੋਮਬੱਤੀਆਂ , ਦੀਵੇ ਅਤੇ ਰੰਗੋਲੀ ਦੇ ਰੰਗਾਂ ਤੋਂ ਇਲਾਵਾ ਹੋਰ ਵੀ ਘਰ ਦੀ ਸਜਾਵਟ ਲਈ ਸਮਾਨ ਦੀ ਇਸ ਐਗਜੀਬੀਸ਼ਨ ਵਿੱਚ ਪ੍ਰਦਰਸ਼ਨੀ ਕੀਤੀ ਗਈ, ਜਿਸ ਦੀ ਸਮੂਹ ਜੂਡੀਸ਼ੀਅਲ ਜੱਜ ਸਾਹਿਬਾਨ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਬੱਚਿਆਂ ਦੇ ਹੌਸਲਾਂ ਵਧਾਉਣ ਲਈ ਉਨ੍ਹਾਂ ਦੁਆਰਾ ਬਣਾਇਆ ਗਿਆ ਸਮਾਨ ਵੀ ਖਰੀਦਿਆ ਗਿਆ। ਇਸ ਦੇ ਨਾਲ ਹੀ ਐਡਵੋਕੇਟਾਂ, ਸਟਾਫ ਮੈਂਬਰਾਂ ਅਤੇ ਕੋਰਟ ਵਿੱਚ ਆਏ ਹੋਏ ਵਿਆਕਤੀਆਂ ਵੱਲੋਂ ਵੀ ਦੀਵੇ ਮੋਮਬੱਤੀਆਂ ਖਰੀਦੇ ਗਏ।

ਸੇਂਟ ਸੋਲਜਰ ਸਕੂਲ ਵਿਖੇ

ਕਿੰਡਰਗਾਰਟਨ ਸਪੋਰਟਸ ਮੀਟ 2026-27 ਸ਼ਾਨੋ-ਸ਼ੌਕਤ ਨਾਲ ਆਯੋਜਿਤ



ਜੰਡਿਆਲਾ ਗੁਰੂ 3 ਨਵੰਬਰ (ਕੁਲਵੰਤ ਸਿੰਘ ਵਿਰਦੀ)-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ, ਜੰਡਿਆਲਾ ਗੁਰੂ ਵਿਖੇ ਕਿੰਡਰਗਾਰਟਨ ਸਪੋਰਟਸ ਮੀਟ 2026-27 ਬੜੇ ਹੀ ਉਤਸ਼ਾਹ, ਜੋਸ਼ ਅਤੇ ਸ਼ਾਨੋ-ਸ਼ੌਕਤ ਨਾਲ ਕਰਵਾਈ ਗਈ। ਇਸ ਖੇਡ ਸਮਾਰੋਹ ਵਿੱਚ ਪਲੇਪੇਨ ਤੋਂ ਲੈ ਕੇ ਦੂਸਰੀ ਕਲਾਸ ਤੱਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸ੍ਰੀ ਧਰਮਵੀਰ ਸਿੰਘ ਜੀ, ਡਾਇਰੈਕਟਰ, ਸੈਕਰਡ ਇੰਟਰਨੈਸ਼ਨਲ ਸਕੂਲ, ਖਿਲਚੀਆਂ ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਆਪਣੇ ਪ੍ਰੇਰਨਾਦਾਇਕ ਸੰਬੋਧਨ ਰਾਹੀਂ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਦਿਆਂ ਅਨੁਸ਼ਾਸਨ, ਮਿਹਨਤ, ਟੀਮ ਭਾਵਨਾ ਅਤੇ ਖੇਡ ਭਾਵਨਾ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।

ਸਮਾਰੋਹ ਦੌਰਾਨ ਨੰਨ੍ਹੇ ਖਿਡਾਰੀਆਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਆਪਣੀ ਫੁਰਤੀ, ਹਿੰਮਤ, ਆਤਮਵਿਸ਼ਵਾਸ ਅਤੇ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬੱਚਿਆਂ ਦੇ ਉਤਸ਼ਾਹ ਅਤੇ ਉਨ੍ਹਾਂ ਦੀਆਂ ਖੇਡ ਗਤੀਵਿਧੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੌਕੇ ਮਾਪਿਆਂ ਦੀ ਭਾਗੀਦਾਰੀ ਨੇ ਸਮਾਰੋਹ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ। ਬੱਚਿਆਂ ਦੇ ਮਾਪਿਆਂ ਦੇ ਰੱਸਾਕਸ਼ੀ ਅਤੇ ਮਿਊਜ਼ੀਕਲ ਚੇਅਰ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਨੇ ਸਮਾਗਮ ਵਿੱਚ ਖੁਸ਼ੀ, ਮਨੋਰੰਜਨ ਅਤੇ ਏਕਤਾ ਦਾ ਰੰਗ ਭਰ ਦਿੱਤਾ।ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ,ਅਤੇ ਡਾਇਰੈਕਟਰ-ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਵੱਲੋਂ ਇਨਾਮ ਅਤੇ ਸਨਮਾਨ ਦੇ ਕੇ ਉਤਸ਼ਾਹਿਤ ਕੀਤਾ ਗਿਆ। ਉਹਨਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਖੇਡਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਬੱਚਿਆਂ ਵਿੱਚ ਆਤਮਵਿਸ਼ਵਾਸ, ਅਨੁਸ਼ਾਸਨ, ਸਹਿਯੋਗ, ਸਹਿਣਸ਼ੀਲਤਾ ਅਤੇ ਜਿੱਤ-ਹਾਰ ਨੂੰ ਸਵੀਕਾਰ ਕਰਨ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨਿਲਾਕਸ਼ੀ ਗੁਪਤਾ, ਕੋਆਰਡੀਨੇਟਰ ਮਮਤਾ ਅਰੋੜਾ ਸਮੂਹ ਕਿੰਡਰ ਗਾਰਟਨ ਸਟਾਫ ਅਤੇ ਬੱਚੇ ਹਾਜ਼ਰ ਸਨ।

ਖੇਡਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਡਾ: ਮੰਗਲ ਸਿੰਘ ਕਿਸ਼ਨਪੁਰੀ

ਆਵਾਜ਼ਿ ਕੌਮ AWAZE QAUM International Newspaper & WEB TV

ਪਾਪੜਾ ਐਕਟ-1995 ਤਹਿਤ ਨੋਟਿਸ ਜਾਰੀ ਕਰਨ ਦੇ ਬਾਵਜੂਦ ਵਿਕਾਸ ਕਾਰਜ ਜਾਰੀ ਰੱਖਣ ਵਾਲਿਆਂ ਖ਼ਿਲਾਫ਼ ਕਾਰਵਾਈ

ਅੰਮ੍ਰਿਤਸਰ ਵਿਕਾਸ ਅਥਾਰਟੀ ਵੱਲੋਂ 5 ਅਣ-ਅਧਿਕਾਰਤ ਕਲੋਨੀਆਂ ਖ਼ਿਲਾਫ਼ ਵੱਡੀ ਕਾਰਵਾਈ, ਨਾਜਾਇਜ਼ ਉਸਾਰੀਆਂ ਢਾਹੀਆਂ







ਅੰਮ੍ਰਿਤਸਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਅੰਮ੍ਰਿਤਸਰ ਵਿਕਾਸ ਅਥਾਰਟੀ (ਏ.ਡੀ.ਏ.), ਪੁੱਡਾ ਦੇ ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਵਿੰਗ ਵੱਲੋਂ ਜ਼ਿਲ੍ਹੇ ਵਿੱਚ ਵਿਕਸਿਤ ਕੀਤੀਆਂ ਜਾ ਰਹੀਆਂ ਪੰਜ ਅਣ-ਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ ਕਰਦਿਆਂ ਉਨ੍ਹਾਂ ਵਿੱਚ ਕੀਤੇ ਗਏ ਨਾਜਾਇਜ਼ ਵਿਕਾਸ ਕਾਰਜਾਂ ਅਤੇ ਉਸਾਰੀਆਂ ਨੂੰ ਢਾਹ ਦਿੱਤਾ ਗਿਆ। ਇਹ ਕਾਰਵਾਈ ਏ.ਡੀ.ਏ. ਦੇ ਮੁੱਖ ਪ੍ਰਸ਼ਾਸਕ ਸ੍ਰੀ ਨਿਤੇਸ਼ ਕੁਮਾਰ ਜੈਨ, ਆਈ.ਏ.ਐੱਸ. ਅਤੇ ਵਧੀਕ ਮੁੱਖ ਪ੍ਰਸ਼ਾਸਕ ਸ੍ਰੀ ਇਨਾਯਤ, ਪੀ.ਸੀ.ਐੱਸ. ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕੀਤੀ ਗਈ।ਰੈਗੂਲੇਟਰੀ ਵਿੰਗ ਦੀ ਟੀਮ ਵੱਲੋਂ ਥਾਣਾ ਕੱਥੂਨੰਗਲ, ਥਾਣਾ ਕੰਬੋ ਅਤੇ ਥਾਣਾ ਸਦਰ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪਿੰਡ ਪਾਖਰਪੁਰਾ ਵਿਖੇ ਇੱਕ ਅਤੇ ਪਿੰਡ ਨੰਗਲੀ ਵਿਖੇ ਚਾਰ ਰਿਹਾਇਸ਼ੀ ਤੇ ਕਮਰਸ਼ੀਅਲ ਅਣ-ਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰੈਗੂਲੇਟਰੀ ਵਿੰਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਭਵਿੱਖ ਵਿੱਚ ਗੈਰ-ਯੋਜਨਾਬੱਧ ਵਿਕਾਸ ਨੂੰ ਰੋਕਣ ਅਤੇ ਸ਼ਹਿਰੀ ਵਿਕਾਸ ਨੂੰ ਨਿਯਮਾਂ ਅਨੁਸਾਰ ਯਕੀਨੀ ਬਣਾਉਣ ਲਈ ਪਿੰਡ ਪਾਖਰਪੁਰਾ ਅਤੇ ਨੰਗਲੀ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੂੰ ਪਾਪੜਾ ਐਕਟ-1995 ਤਹਿਤ ਨੋਟਿਸ ਜਾਰੀ ਕਰਕੇ ਵਿਕਾਸ ਕਾਰਜ ਬੰਦ ਕਰਵਾਏ ਗਏ ਸਨ। ਇਸ ਦੇ ਬਾਵਜੂਦ ਕਲੋਨੀਆਂ ਦੇ ਮਾਲਕਾਂ ਵੱਲੋਂ ਸਰਕਾਰੀ ਹਦਾਇਤਾਂ ਦੀ ਉਲੰਘਣਾ ਕਰਦਿਆਂ ਮੌਕੇ 'ਤੇ ਵਿਕਾਸ ਕਾਰਜ ਜਾਰੀ ਰੱਖੇ ਗਏ। ਇਸ ਨੂੰ ਗੰਭੀਰਤਾ ਨਾਲ ਲੈਂਦਿਆਂ ਉੱਚ ਅਧਿਕਾਰੀਆਂ ਦੇ ਹੁਕਮਾਂ ਅਨੁਸਾਰ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪਿੰਡ ਨੰਗਲੀ ਵਿਖੇ ਵਿਕਸਿਤ ਕੀਤੀ ਗਈ ਅਣ-ਅਧਿਕਾਰਤ ਕਲੋਨੀ ਬਾਬਾ ਦੀਪ ਸਿੰਘ ਇਨਕਲੇਵ ਖ਼ਿਲਾਫ਼ ਪਹਿਲਾਂ ਵੀ 21 ਮਾਰਚ 2025 ਨੂੰ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਸੀ ਅਤੇ ਇਸ ਸਬੰਧੀ ਐੱਫ.ਆਈ.ਆਰ. ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਗਿਆ ਸੀ। ਇਸੇ ਤਰ੍ਹਾਂ ਪਿੰਡ ਪਾਖਰਪੁਰਾ ਵਿਖੇ ਸਥਿਤ ਅਣ-ਅਧਿਕਾਰਤ ਕਲੋਨੀ ਖ਼ਿਲਾਫ਼ 22 ਅਕਤੂਬਰ 2026 ਨੂੰ ਵੀ ਕਾਰਵਾਈ ਕੀਤੀ ਗਈ ਸੀ, ਪਰ ਕਲੋਨੀ ਮਾਲਕਾਂ ਵੱਲੋਂ ਮੁੜ ਵਿਕਾਸ ਕਾਰਜ ਸ਼ੁਰੂ ਕਰ ਦਿੱਤੇ ਗਏ। ਇਸ ਕਾਰਨ ਹੁਣ ਦੁਬਾਰਾ ਕੀਤੇ ਗਏ ਨਾਜਾਇਜ਼ ਵਿਕਾਸ ਕਾਰਜਾਂ ਨੂੰ ਢਾਹਿਆ ਗਿਆ ਹੈ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਪਾਪੜਾ ਐਕਟ-1995 ਵਿੱਚ ਸਾਲ 2024 ਦੌਰਾਨ ਕੀਤੀ ਸੋਧ ਅਨੁਸਾਰ ਅਣ-ਅਧਿਕਾਰਤ ਕਲੋਨੀ ਵਿਕਸਿਤ ਕਰਨ ਵਾਲੇ ਵਿਅਕਤੀਆਂ ਨੂੰ 5 ਤੋਂ 10 ਸਾਲ ਤੱਕ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਹੋ ਸਕਦੀ ਹੈ। ਇਸ ਤੋਂ ਇਲਾਵਾ ਇਨ੍ਹਾਂ ਕਲੋਨੀਆਂ ਅਧੀਨ ਆਉਂਦੀ ਜ਼ਮੀਨ ਦੇ ਮਾਲਕਾਂ ਅਤੇ ਕਲੋਨੀਆਂ ਵਿਕਸਿਤ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨ ਲਈ ਰੈਵੇਨਿਊ ਰਿਕਾਰਡ ਦੇ ਆਧਾਰ 'ਤੇ ਪੁਲਿਸ ਵਿਭਾਗ ਨੂੰ ਵੀ ਲੋੜੀਂਦੀ ਕਾਰਵਾਈ ਕਰਨ ਵਾਸਤੇ ਲਿਖਿਆ ਜਾ ਰਿਹਾ ਹੈ।

ਇੱਕ ਨਜ਼ਰ...



ਦਿਨ ਕੀ ਸ਼ੁਰੂਆਤ, ਜਨ ਗਣ ਮਨ ਕੇ ਸਾਥ

ਅੰਮ੍ਰਿਤਸਰ ਜ਼ਿਲ੍ਹਾ ਅਦਾਲਤਾਂ ਦੇ ਨਿਆਇਕ ਅਧਿਕਾਰੀਆਂ ਨੇ ਰਾਸ਼ਟਰੀ ਗੀਤ ਨਾਲ ਦਿਨ ਦੀ ਸ਼ੁਰੂਆਤ ਕੀਤੀ

ਅੰਮ੍ਰਿਤਸਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅੰਮ੍ਰਿਤਸਰ ਦੇ ਜ਼ਿਲ੍ਹਾ ਅਤੇ ਸੈਸ਼ਨ ਜੱਜ, ਮੈਡਮ ਜਤਿੰਦਰ ਕੌਰ ਦੀ ਰਹਿਨੁਮਾਈ ਹੇਠ ਇੱਕ ਦੇਸ਼ ਭਗਤੀ ਅਤੇ ਪ੍ਰੇਰਣਾਦਾਇਕ ਪਹਿਲਕਦਮੀ ਤਹਿਤ, ਜ਼ਿਲ੍ਹਾ ਅਦਾਲਤਾਂ ਦੇ ਹੈੱਡਕੁਆਰਟਰ ਵਿਖੇ ਤਾਇਨਾਤ ਨਿਆਇਕ ਅਧਿਕਾਰੀਆਂ ਨੇ ਆਪਣੇ ਸਰਕਾਰੀ ਕੰਮਕਾਜ ਵਾਲੇ ਦਿਨ ਦੀ ਸ਼ੁਰੂਆਤ ਕਰਨ ਲਈ ਇੱਕ ਨਵੀਂ ਸੁਹਿਰਦ ਪਰੰਪਰਾ ਸ਼ੁਰੂ ਕੀਤੀ ਹੈ। "ਦਿਨ ਕੀ ਸ਼ੁਰੂਆਤ, ਜਨ ਗਣ ਮਨ ਕੇ ਸਾਥ" ਦੇ ਏਕਤਾ ਵਾਲੇ ਥੀਮ ਨੂੰ ਅਪਣਾਉਂਦੇ ਹੋਏ, ਅਧਿਕਾਰੀ ਹੁਣ ਆਪਣੀ ਨਿਆਇਕ ਕਾਰਵਾਈ ਸ਼ੁਰੂ ਕਰਨ ਤੋਂ ਪਹਿਲਾਂ ਰਾਸ਼ਟਰੀ ਗੀਤ ਗਾਉਣ ਲਈ ਰੋਜ਼ਾਨਾ ਸਵੇਰੇ 9:30 ਵਜੇ ਅਦਾਲਤੀ ਕੰਪਲੈਕਸ ਵਿੱਚ ਇਕੱਠੇ ਹੋ ਰਹੇ ਹਨ। ਇਸ ਸਵੇਰ ਦੀ ਸਭਾ ਦਾ ਉਦੇਸ਼ ਅਦਾਲਤ ਦੇ ਅਧਿਕਾਰੀਆਂ ਵਿੱਚ ਰਾਸ਼ਟਰੀ ਮਾਣ, ਇਕਜੁੱਟਤਾ ਅਤੇ ਸੰਵਿਧਾਨਕ ਫਰਜ਼ ਦੀ ਨਵੀਂ ਭਾਵਨਾ ਪੈਦਾ ਕਰਨਾ ਹੈ। ਜਿਵੇਂ ਕਿ ਨਾਲ ਜਾਰੀ ਫੋਟੋ,ਵਿੱਚ ਦਿਖਾਇਆ ਗਿਆ ਹੈ, ਨਿਆਇਕ ਅਧਿਕਾਰੀ, ਆਪਣੀ ਰਸਮੀ ਅਦਾਲਤੀ ਪੁਸ਼ਾਕ ਵਿੱਚ ਮਾਣ ਨਾਲ ਸਜੇ ਹੋਏ, ਰਾਸ਼ਟਰੀ ਗੀਤ ਦੀ ਇਸ ਸਨਮਾਨਜਨਕ ਪੇਸ਼ਕਾਰੀ ਵਿੱਚ ਹਿੱਸਾ ਲੈਣ ਲਈ ਅਦਾਲਤ ਦੀ ਇਮਾਰਤ ਦੇ ਬਾਹਰ ਇੱਕਜੁੱਟ ਹੋ ਕੇ ਖੜ੍ਹੇ ਹੋਏ। ਜਨ ਗਣ ਮਨ ਦਾ ਸਮੂਹਿਕ ਗਾਇਨ ਉਨ੍ਹਾਂ ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਸੰਵਿਧਾਨਕ ਆਦਰਸ਼ਾਂ ਦੀ ਇੱਕ ਸ਼ਕਤੀਸ਼ਾਲੀ ਯਾਦ ਦਿਵਾਉਂਦਾ ਹੈ ਜਿਨ੍ਹਾਂ ਦੀ ਰੱਖਿਆ ਕਰਨ ਦੀ ਨਿਆਂਪਾਲਿਕਾ ਨੇ ਸਹੁੰ ਖਾਧੀ ਹੈ। ਹਰ ਸਵੇਰ ਦੇਸ਼ ਦਾ ਸਨਮਾਨ ਕਰਨ ਲਈ ਕੁਝ ਪਲ ਕੱਢ ਕੇ, ਅਧਿਕਾਰੀ ਦਿਨ ਭਰ ਨਿਆਂ ਪ੍ਰਸ਼ਾਸਨ ਲਈ ਇੱਕ ਕੇਂਦਰਿਤ, ਸਮਰਪਿਤ ਅਤੇ ਸੁਮੇਲ ਵਾਲਾ ਮਾਹੌਲ ਸਿਰਜਦੇ ਹਨ। ਅੰਮ੍ਰਿਤਸਰ ਦੀਆਂ ਜ਼ਿਲ੍ਹਾ ਅਦਾਲਤਾਂ ਭਾਰਤ ਦੇ ਸੰਵਿਧਾਨ ਦੀਆਂ ਸਰਵਉੱਚ ਕਦਰਾਂ-ਕੀਮਤਾਂ ਨੂੰ ਬਰਕਰਾਰ ਰੱਖਣ ਲਈ ਦ੍ਰਿੜਤਾ ਨਾਲ ਵਚਨਬੱਧ ਹਨ। ਸਵੇਰੇ 9:30 ਵਜੇ ਦਾ ਇਹ ਨਵਾਂ ਇਕੱਠ ਉਸ ਪੂਣ ਦੀ ਰੋਜ਼ਾਨਾ ਪੁਸ਼ਟੀ ਵਜੋਂ ਕੰਮ ਕਰਦਾ ਹੈ, ਇਹ ਯਕੀਨੀ ਬਣਾਉਂਦਾ ਹੈ ਕਿ ਦਿਨ ਦਾ ਕੰਮ ਦੇਸ਼ ਅਤੇ ਇਸਦੇ ਨਾਗਰਿਕਾਂ ਲਈ ਡੂੰਘੇ ਸਤਿਕਾਰ ਵਿੱਚ ਜੁੜਿਆ ਹੋਇਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਦੀ ਸਬ ਜੂਨੀਅਰ ਸਾਈਕਲੰਗਿ ਟੀਮ ਨੇ ਕਾਇਮ ਕੀਤਾ ਨਵਾਂ ਰਿਕਾਰਡ

ਪੰਜਾਬੀਆਂ ਲਈ ਬੇਹੱਦ ਮਾਣ ਅਤੇ ਖੁਸ਼ੀ ਵਾਲੀ ਗੱਲ



ਅੰਮ੍ਰਿਤਸਰ:, 3ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਮੂਹ ਪੰਜਾਬ ਵਾਸੀਆਂ ਅਤੇ ਦੁਨੀਆ ਭਰ ਵਿੱਚ ਵੱਸਦੇ ਪੰਜਾਬੀਆਂ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਝਾਰਖੰਡ ਦੇ ਸ਼ਹਿਰ ਰਾਂਚੀ ਵਿਖੇ ਆਯੋਜਿਤ ਕੌਮੀ ਪੱਧਰ ਦੀ ਸਬ ਜੂਨੀਅਰ ਸਾਈਕਲੰਗਿ ਖੇਡ ਪ੍ਰਤੀਯੋਗਤਾ ਦੇ ਦੌਰਾਨ ਪੰਜਾਬ ਦੀ ਲੜਕੀਆਂ ਦੀ ਸਬ ਜੂਨੀਅਰ ਟੀਮ ਨੇ ਟੀਮ ਸਪ੍ਰਿੰਟ ਮੁਕਾਬਲੇ ਵਿੱਚ ਨਵਾਂ ਰਿਕਾਰਡ ਕਾਇਮ ਕੀਤਾ ਹੈ ਜੋ ਕਿ ਆਪਣੇ ਆਪ ਵਿੱਚ ਬਹੁਤ ਵੱਡੀ ਪ੍ਰਾਪਤੀ ਹੈ। ਇਸ ਟੀਮ ਦੇ ਵਿੱਚ ਪਲਕਪ੍ਰੀਤ ਕੌਰ, ਜਪਨੀਤ ਕੌਰ, ਪ੍ਰੀਤੀ, ਗੁਨਤਾਜ ਸੰਧੂ ਆਦਿ ਦੇ ਨਾਮ ਸ਼ਾਮਲ ਹਨ। ਇਸ ਤੋਂ ਪਹਿਲਾਂ ਇਹ ਰਿਕਾਰਡ 2022 ਤੋਂ ਤਾਮਿਲਨਾਡੂ ਦੇ ਨਾਮ ਤੇ ਦਰਜ ਸੀ। ਜਿਸ ਨੂੰ ਪੰਜਾਬ ਦੀ ਸਬ ਜੂਨੀਅਰ ਟੀਮ ਨੇ ਪਛਾੜਦੇ ਹੋਏ ਉਸ ਕੋਲੋਂ ਇਹ ਖਿਤਾਬ ਖੋਹ ਲਿਆ ਹੈ। ਸਾਈਕਲੰਗਿ ਦੀ ਵਿਸ਼ਵ ਪੱਧਰੀ ਸਰਵਉੱਚ ਸੰਸਥਾ ਯੂਨੀਅਨ ਸਾਈਕਲਿਸਟ ਇੰਟਰਨੈਸ਼ਨਲ (ਯੂਸੀਆਈ) ਵੱਲੋਂ ਪਿਛਲੇ ਦਿਨੀਂ ਪੰਜਾਬ ਦੀ ਸਬ.:ਜੂਨੀਅਰ ਲੜਕੀਆਂ ਦੀ ਸਾਈਕਲੰਗਿ ਟੀਮ ਵੱਲੋਂ ਸੋਨ ਤਗਮਾ ਜਿੱਤਣ ਅਤੇ ਨਵਾਂ ਨੈਸ਼ਨਲ ਰਿਕਾਰਡ ਬਣਾਉਣ ਦੀ ਸ਼ਾਨਦਾਰ ਪ੍ਰਾਪਤੀ ਨੂੰ ਵਿਸ਼ੇਸ਼ ਤੌਰ ਤੇ ਸਲਾਹਿਆ ਗਿਆ। ਇਸ ਇਤਿਹਾਸਕ ਜਿੱਤ ਦੀ ਖੁਸ਼ੀ ਵਿੱਚ ਯੂਸੀਆਈ ਨੇ ਆਪਣੇ ਅਧਿਕਾਰਤ ਸ਼ੋਸ਼ਲ ਮੀਡੀਆ ਅਕਾਊਂਟ ਰਾਹੀਂ ਪੰਜਾਬ ਸਾਈਕਲੰਗਿ ਟੀਮ ਨੂੰ ਵਧਾਈ ਦਿੱਤੀ। ਜੋ ਸਮੁੱਚੇ ਪੰਜਾਬ ਅਤੇ ਪੰਜਾਬੀ ਖੇਡ ਜਗਤ ਲਈ ਬੇਹੱਦ ਮਾਣ ਵਾਲੀ ਗੱਲ ਹੈ। ਸਮੁੱਚੇ ਅਹੁੱਦੇਦਾਰਾਂ ਤੇ ਮੈਂਬਰਾਂ ਅਨੁਸਾਰ ਇਹ ਪ੍ਰਾਪਤੀ ਸਿਰਫ਼ ਇੱਕ ਸੋਨ ਤਗਮੇ ਜਾਂ ਨੈਸ਼ਨਲ ਰਿਕਾਰਡ ਤੱਕ ਸੀਮਤ ਨਹੀਂ, ਸਗੋਂ ਪੰਜਾਬ ਦੀਆਂ ਧੀਆਂ ਦੀ ਮਿਹਨਤ, ਲਗਨ, ਹੌਸਲੇ ਅਤੇ ਖੇਡ ਪ੍ਰਤਿਭਾ ਦਾ ਪ੍ਰਤੀਕ ਹੈ। ਅੱਜ ਪੰਜਾਬ ਦੀਆਂ ਧੀਆਂ ਨੇ ਸਾਈਕਲੰਗਿ ਦੇ ਇਤਿਹਾਸ ਵਿੱਚ ਆਪਣੀ ਮਿਹਨਤ ਅਤੇ ਕਾਬਲੀਅਤ ਨਾਲ ਇੱਕ ਨਵਾਂ ਸੁਨਹਿਰੀ ਅਧਿਆਇ ਜੋੜ ਦਿੱਤਾ ਹੈ। ਸਮੁੱਚੀ ਪੰਜਾਬ ਸਾਈਕਲੰਗਿ ਟੀਮ, ਖਿਡਾਰੀਆਂ, ਕੋਚਾਂ ਅਤੇ ਇਸ ਸਫ਼ਲਤਾ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਸਹਿਯੋਗੀਆਂ ਨੂੰ ਵਧਾਈ ਤੇ ਸ਼ੁੱਭ ਇਛਾਵਾਂ ਦਿੱਤੀਆਂ ਹਨ। ਇਸ ਮੌਕੇ ਪੰਜਾਬ ਸਾਈਕਲੰਗਿ ਐਸੋਸੀਏਸ਼ਨ ਦੇ ਸੈਕਟਰੀ ਜਗਦੀਪ ਸਿੰਘ ਕਾਹਲੋਂ ਤੇ ਸਤਵਿੰਦਰ ਸਿੰਘ ਵਿੱਕੀ, ਕੋਚ ਰਾਜੇਸ਼ ਕੌਸ਼ਿਕ, ਕੋਚ ਭਪਿੰਦਰ ਕੁਮਾਰ, ਕੋਚ ਇਕਵਿੰਦਰ ਸਿੰਘ, ਕੋਚ ਹਰਪ੍ਰੀਤ ਕੌਰ, ਕੋਚ ਸਤਬੀਰ ਸਿੰਘ, ਗੁਰਬਾਜ ਸਿੰਘ ਆਦਿ ਦੇ ਵੱਲੋਂ ਖੁਸ਼ੀ ਦਾ ਇਜ਼ਹਾਰ ਕਰਦੇ ਗਰਮਜੋਸ਼ੀ ਨਾਂਲ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243